SEIU 775
BENEFITS GROUP




2025-2026

# ਹੈਲਥਕੇਅਰ ਕਵਰੇਜ ਗਾਈਡ

**ਜੇ ਕਵਰੇਜ ਬਾਰੇ ਤੁਹਾਡੇ ਕੋਈ ਸਵਾਲ ਹਨ ਜਾਂ ਤੁਹਾਨੂੰ ਅਪਲਾਈ ਕਰਨ ਵਿੱਚ ਮਦਦ ਦੀ ਲੋੜ ਹ ਤਾਂ 1-877-606-6705 'ਤੇ ਕਾਲ ਕਰੋ।**

Get healthcare coverage information in your language.

احصل على معلومات تغطية الرعاية الصحية بلغتك.

获取以您使用的语言提供的健康保险信息。

ទទួលបានព័ត៌មានអំពីការធានារ៉ាប់រងសុខភាពជាភាសារបស់អ្នក។

한국어로 된 의료 보험 정보를 확인하십시오.

ਆਪਣੀ ਭਾਸ਼ਾ ਵਿੱਚ ਹੈਲਥਕੇਅਰ ਕਵਰੇਜ ਬਾਰੇ ਜਾਣਕਾਰੀ ਪ੍ਰਾਪਤ ਕਰੋ।

Получите информацию о медицинском страховом покрытии на вашем языке.

Ku hel macluumaadka ceymiska daryeelka caafimaadka luqaddaada.

Obtenga información sobre la cobertura de atención médica en su idioma.

Отримайте інформацію про покриття медичної страховки своєю мовою.

Nhận thông tin về bảo hiểm chăm sóc sức khỏe bằng ngôn ngữ của bạn.

**myseiu.be/oe**

3 **ਹੈਲਥ ਪਲਾਨ ਸਬੰਧੀ ਖਾਸ ਗੱਲਾਂ**

3 ਕਵਰੇਜ ਦੇ ਵਿਕਲਪ ਅਤੇ ਖਰਚੇ
4 ਨਵੇਂ ਅਤੇ ਬਿਹਤਰ ਬੈਨਿਫ਼ਿਟ
4 ਬੈਨਿਫ਼ਿਟਾਂ ਸਬੰਧੀ ਖਾਸ ਗੱਲਾਂ
6 ਡੈਂਟਲ ਕਵਰੇਜ ਦੇ ਵਿਕਲਪ

7 **ਹੈਲਥ ਬੈਨਿਫ਼ਿਟਸ ਖਾਤਾ**

ਅਸਾਨੀ ਨਾਲ ਔਨਲਾਈਨ ਅਪਲਾਈ ਕਰੋ, ਕਵਰੇਜ ਨੂੰ ਅੱਪਡੇਟ ਕਰੋ ਜਾਂ ਬੈਨਿਫ਼ਿਟਾਂ ਨੂੰ ਪ੍ਰਬੰਧਿਤ ਕਰੋ।

8 **ਕਵਰੇਜ ਸਬੰਧੀ ਅਕਸਰ ਪੁੱਛੇ ਜਾਣ ਵਾਲੇ ਸਵਾਲ**

8 ਯੋਗਤਾ
8 Coverage for Kids (ਬੱਚਿਆਂ ਲਈ ਕਵਰੇਜ)
8 ਕਦੋਂ ਅਤੇ ਕਿਵੇਂ ਅਪਲਾਈ ਕਰਨਾ ਹੈ
9 ਕਵਰੇਜ ਕਦੋਂ ਸ਼ੁਰੂ ਹੁੰਦੀ ਹੈ
9 ਮਹੀਨੇਵਾਰ ਸਹਿ-ਪ੍ਰੀਮੀਅਮ
9 ਕਵਰੇਜ ਨੂੰ ਕਿਵੇਂ ਖਤਮ ਕਰਨਾ ਹੈ

10 **ਕਵਰੇਜ ਨੂੰ ਕਿਵੇਂ ਬਣਾਈ ਰੱਖਣਾ ਹੈ**

11 **ਹੈਲਥ ਬੈਨਿਫ਼ਿਟਸ ਸਪੋਰਟ**


***Deborah ਨੂੰ ਹਾਲ ਹੀ ਵਿੱਚ ਓਪਨ ਹਾਰਟ ਸਰਜਰੀ ਕਰਵਾਉਣ ਦੀ ਲੋੜ ਸੀ ਜਿਸ ਵਿੱਚ ਕਵਰੇਜ ਦੇ ਬਗੈਰ ਉਸਦੇ ਲੱਖਾਂ ਡਾਲਰ ਖਰਚ ਹੋ ਜਾਣੇ ਸਨ। ਖਰਚਿਆਂ ਬਾਰੇ ਘੱਟ ਚਿੰਤਾ ਕਰਦੇ ਹੋਏ, ਉਹ ਕਹਿੰਦੀ ਹੈ, "ਮੈਂ ਖੁਦ 'ਤੇ ਅਤੇ ਆਪਣੇ ਇਲਾਜ 'ਤੇ ਧਿਆਨ ਦੇ ਸਕੀ"।***

**Deborah M.**
ਦੇਖਭਾਲਕਰਤਾ, Vancouver



# ਤੰਦਰੁਸਤੀ ਸਬੰਧੀ ਬੈਨਿਫ਼ਿਟ

ਵਧੀਆ ਕੁਆਲਿਟੀ ਦੀ ਹੈਲਥਕੇਅਰ ਕਵਰੇਜ ਤੱਕ ਪਹੁੰਚ ਤੋਂ ਇਲਾਵਾ, ਤੁਹਾਡੇ ਕੋਲ ਮੁਫ਼ਤ ਵਿੱਚ ਹੋਰ ਬੈਨਿਫ਼ਿਟ ਉਪਲਬਧ ਹਨ—ਜੋ ਤੁਹਾਡੇ ਤਣਾਅ ਨੂੰ ਘਟਾਉਣ, ਕੰਮ 'ਤੇ ਸੁਰੱਖਿਅਤ ਰਹਿਣ ਅਤੇ ਤੁਹਾਡੇ ਜੀਵਨ ਦੀ ਕੁਆਲਿਟੀ ਨੂੰ ਬਿਹਤਰ ਬਣਾਉਣ ਵਿੱਚ ਮਦਦ ਕਰਨ ਲਈ ਤਿਆਰ ਕੀਤੇ ਗਏ ਹਨ।



## Caregiver Kicks: ਕੇਅਰਗਿਵਰਾਂ ਲਈ ਮੁਫ਼ਤ ਜੁੱਤੇ

ਹਰ ਸਾਲ ਇੱਕ ਮੁਫ਼ਤ ਜੋੜਾ ਪ੍ਰਾਪਤ ਕਰੋ! Reebok ਤੋਂ ਲੈ ਕੇ Sketchers ਤੱਕ 90+ ਸਟਾਈਲਾਂ ਵਿੱਚ ਉਪਲਬਧ, ਤਿਲਕਣ-ਰੋਧੀ Caregiver Kicks ਜੁੱਤਿਆਂ ਨੂੰ ਇਸ ਤਰੀਕੇ ਨਾਲ ਡਿਜ਼ਾਈਨ ਕੀਤਾ ਗਿਆ ਹੈ ਜੋ ਤੁਹਾਨੂੰ ਕੰਮ 'ਤੇ ਵਧੇਰੇ ਸੁਰੱਖਿਅਤ ਅਤੇ ਵਧੇਰੇ ਅਰਾਮਦੇਹ ਰੱਖਦੇ ਹਨ। **myseiu.be/kicks**



## ਸਵੈ-ਸੰਭਾਲ ਬੈਨਿਫ਼ਿਟਸ

ਦੇਖਭਾਲਕਰਤਾ ਅਕਸਰ ਦੂਜਿਆਂ ਨੂੰ ਪਹਿਲ ਦਿੰਦੇ ਹਨ, ਪਰ ਆਪਣੀ ਖੁਦ ਦੀ ਸੰਭਾਲ ਵੀ ਮਾਇਨੇ ਰੱਖਦੀ ਹੈ। ਦੇਖਭਾਲ ਕਰਨ ਵਾਲਿਆਂ ਲਈ ਬਹੁਤ ਸਾਰੇ ਮੁਫ਼ਤ ਅਤੇ ਘੱਟ ਲਾਗਤ ਵਾਲੇ ਬੈਨਿਫ਼ਿਟ ਉਪਲਬਧ ਹਨ ਜੋ ਤਣਾਅ, ਚਿੰਤਾ ਅਤੇ ਡਿਪ੍ਰੈਸ਼ਨ ਦੇ ਮੁੱਦਿਆਂ ਨੂੰ ਹੱਲ ਕਰਨ ਵਿੱਚ ਮਦਦ ਕਰ ਸਕਦੇ ਹਨ। **myseiu.be/self-care**

## ਦੇਖਭਾਲਕਰਤਾਵਾਂ ਲਈ ਵਧੇਰੇ ਬੈਨਿਫ਼ਿਟ

ਦੇਖਭਾਲਕਰਤਾਵਾਂ ਲਈ ਰਿਟਾਇਰਮੈਂਟ, ਸਿੱਖਣ, ਅਤੇ ਨੌਕਰੀ-ਮਿਲਾਨ ਕਰਨ ਵਾਲੇ ਬੈਨਿਫ਼ਿਟਾਂ ਬਾਰੇ ਅਤੇ ਇਨ੍ਹਾਂ ਨੂੰ ਪ੍ਰਾਪਤ ਕਰਨ ਦੇ ਤਰੀਕੇ ਬਾਰੇ ਹੋਰ ਜਾਣਕਾਰੀ ਇੱਥੋਂ ਲਓ **seiu775benefitsgroup.com.**

# ਕਵਰੇਜ ਲਈ ਅਪਲਾਈ ਕਰਨ ਵਾਸਤੇ ਪੜਾਅਵਾਰ ਗਾਈਡ

*ਨਾਮਾਂਕਣ ਪ੍ਰਕਿਰਿਆ ਕਾਫ਼ੀ ਅਸਾਨ ਸੀ। ਮੈਂ ਸਿਰਫ਼ ਕਿਤਾਬਚਾ ਪੜ੍ਹਿਆ ਅਤੇ ਉਨ੍ਹਾਂ ਚੀਜ਼ਾਂ ਨੂੰ ਹਾਈਲਾਈਟ ਕੀਤਾ ਜੋ ਮੇਰੇ ਲਈ ਮਹੱਤਵਪੂਰਨ ਸਨ। ਇਸਨੂੰ ਔਨਲਾਈਨ ਕਰ ਪਾਉਣਾ ਅਸਾਨ ਸੀ।"*

Acacia V., ਦੇਖਭਾਲਕਰਤਾ

## 1 ਆਪਣੀ ਕਵਰੇਜ ਬਾਰੇ ਜਾਣੋ

- ○ ਇਸ ਗਾਈਡ ਵਿੱਚ ਆਪਣੇ ਕਵਰੇਜ ਵਿਕਲਪਾਂ ਅਤੇ ਬੈਨਿਫ਼ਿਟਾਂ ਬਾਰੇ ਖਾਸ ਗੱਲਾਂ ਦਾ ਪਤਾ ਲਗਾਓ।
- ○ ਇਹ ਦੇਖਣ ਲਈ ਕਿ ਤੁਸੀਂ ਯੋਗਤਾ ਪੂਰੀ ਕਰਦੇ ਹੋ ਜਾਂ ਨਹੀਂ, ਪੰਨਾ 8 'ਤੇ ਯੋਗਤਾ ਵੇਰਵਿਆਂ ਨੂੰ ਦੇਖੋ।
- ○ ਪ੍ਰਿਸਕ੍ਰਿਪਸ਼ਨਾਂ, ਇਲਾਜਾਂ ਅਤੇ ਸੇਵਾਵਾਂ ਲਈ ਆਪਣੇ ਪਲਾਨ ਵਿੱਚ ਤੁਹਾਡੀ ਜੇਬ੍ਹ ਤੋਂ ਹੋਣ ਵਾਲੇ ਖਰਚਿਆਂ ਨੂੰ ਸਮਝਣ ਲਈ ਪਲਾਨ ਦੇ ਵੇਰਵਿਆਂ ਬਾਰੇ ਕਿਤਾਬਚੇ ਦੀ ਸਮੀਖਿਆ ਕਰੋ।
- ○ ਇੱਕ ਕਵਰੇਜ ਵਿਕਲਪ ਅਤੇ ਡੈਂਟਲ ਪਲਾਨ ਚੁਣੋ।

**ਹੈਲਥ ਬੈਨਿਫ਼ਿਟਸ ਗਾਹਕ ਸੇਵਾ:1-877-606-6705**
ਕਵਰੇਜ, ਯੋਗਤਾ ਅਤੇ ਅਪਲਾਈ ਕਰਨ ਬਾਰੇ ਸਵਾਲਾਂ ਵਿੱਚ ਮਦਦ ਪ੍ਰਾਪਤ ਕਰੋ।

## 2 ਅਪਲਾਈ ਕਰਨ ਦੀ ਤਿਆਰੀ ਕਰੋ

- ○ ਆਪਣੀ ਜਾਣਕਾਰੀ ਇਕੱਠੀ ਕਰੋ। ਅਪਲਾਈ ਕਰਨ ਵਾਸਤੇ ਤੁਹਾਨੂੰ ਆਪਣੇ ਸੋਸ਼ਲ ਸਿਕਿਓਰਿਟੀ ਨੰਬਰ ਅਤੇ ਐਂਪਲੌਇਅਰ ਦੇ ਨਾਮ ਦੀ ਲੋੜ ਪਵੇਗੀ।
- ○ **Coverage for Kids (ਬੱਚਿਆਂ ਲਈ ਕਵਰੇਜ):** ਆਪਣੇ ਨਿਰਭਰ ਵਿਅਕਤੀ ਲਈ ਤਸਦੀਕ ਦਸਤਾਵੇਜ਼ ਇਕੱਠੇ ਕਰੋ। ਸਵੀਕਾਰ ਕੀਤੇ ਜਾਂਦੇ ਦਸਤਾਵੇਜ਼ਾਂ ਅਤੇ ਹਦਾਇਤਾਂ ਦੀ ਸੂਚੀ ਇੱਥੇ ਦੇਖੋ **myseiu.be/cfk.**

## 3 ਆਪਣਾ ਹੈਲਥ ਬੈਨਿਫ਼ਿਟਸ ਖਾਤਾ ਬਣਾਓ

- ○ ਖਾਤਾ ਕਿਵੇਂ ਬਣਾਉਣਾ ਹੈ, ਇਹ ਸਿੱਖਣ ਲਈ **myseiu.be/hba** 'ਤੇ ਜਾਓ। ਜਦੋਂ ਤੁਹਾਡਾ ਖਾਤਾ ਬਣ ਜਾਵੇ, ਤਾਂ ਤੁਸੀਂ ਕਿਸੇ ਵੀ ਸਮੇਂ **myseiu.be/magnacare** 'ਤੇ ਲੌਗਇਨ ਕਰ ਸਕਦੇ ਹੋ।

## 4 ਆਪਣੀ ਐਪਲੀਕੇਸ਼ਨ ਜਮ੍ਹਾਂ ਕਰੋ

- ○ ਆਖਰੀ ਤਰੀਕ ਤੋਂ ਪਹਿਲਾਂ **myseiu.be/magnacare** 'ਤੇ ਐਪਲੀਕੇਸ਼ਨ ਭਰੋ। ਪੰਨਾ 8 'ਤੇ ਆਖਰੀ ਤਰੀਕਾਂ ਅਤੇ ਡਾਕ ਰਾਹੀਂ ਜਮ੍ਹਾਂ ਕਰਨ ਦੇ ਤਰੀਕੇ ਬਾਰੇ ਹੋਰ ਜਾਣਕਾਰੀ ਲਓ।
- ○ **Coverage for Kids (ਬੱਚਿਆਂ ਲਈ ਕਵਰੇਜ):** ਅਪਲਾਈ ਕਰਦੇ ਸਮੇਂ ਨਿਰਭਰ ਵਿਅਕਤੀਆਂ ਲਈ ਤਸਦੀਕ ਦਸਤਾਵੇਜ਼ ਜਮ੍ਹਾਂ ਕਰੋ। ਆਪਣੇ ਦਸਤਾਵੇਜ਼ ਜਮ੍ਹਾਂ ਕਰਨ ਦਾ ਤਰੀਕਾ ਇੱਥੋਂ ਸਿੱਖੋ **myseiu.be/cfk.**

## 5 ਐਪਲੀਕੇਸ਼ਨ ਸਬੰਧੀ ਸੂਚਨਾਵਾਂ ਪ੍ਰਾਪਤ ਕਰੋ

- ○ ਤੁਹਾਨੂੰ 1 ਦਿਨ ਦੇ ਅੰਦਰ ਈਮੇਲ ਦੁਆਰਾ ਜਾਂ ਤੁਹਾਡੇ ਹੈਲਥ ਬੈਨਿਫ਼ਿਟਸ ਖਾਤੇ ਰਾਹੀਂ ਐਪਲੀਕੇਸ਼ਨ ਦੀ ਰਸੀਦ ਅਤੇ 30 ਦਿਨਾਂ ਦੇ ਅੰਦਰ ਚਿੱਠੀ ਜਾਂ ਈਮੇਲ ਦੁਆਰਾ ਕਵਰੇਜ ਦਾ ਫ਼ੈਸਲਾ ਮਿਲ ਜਾਵੇਗਾ। ਜੇ ਨਹੀਂ ਮਿਲਦਾ ਹੈ, ਤਾਂ 1-877-606-6705 'ਤੇ ਕਾਲ ਕਰੋ।



John R.
ਕੇਅਰਗਿਵਰ, Seattle

# ਹੈਲਥਕੇਅਰ ਕਵਰੇਜ ਪਲਾਨ ਸਬੰਧੀ ਵਿਕਲਪ

ਸਿਰਫ਼ $25 ਪ੍ਰਤੀ ਮਹੀਨੇ ਵਿੱਚ ਵਧੀਆ ਕੁਆਲਿਟੀ ਦੀ ਹੈਲਥਕੇਅਰ ਕਵਰੇਜ ਪ੍ਰਾਪਤ ਕਰੋ। ਤੁਸੀਂ ਸਿਰਫ਼ ਆਪਣੇ ਆਪ ਨੂੰ ਕਵਰ ਕਰਨ ਜਾਂ ਆਪਣੇ ਨਿਰਭਰ ਬੱਚਿਆਂ ਲਈ ਵੀ Coverage for Kids (ਬੱਚਿਆਂ ਲਈ ਕਵਰੇਜ) ਜੋੜਨ ਦੀ ਚੋਣ ਕਰ ਸਕਦੇ ਹੋ।



*ਆਪਣੇ ਦੂਜੇ ਬੱਚੇ ਤੋਂ ਬਾਅਦ, Dani ਨੇ ਦੋਵਾਂ ਬੱਚਿਆਂ ਦਾ ਨਾਮਾਂਕਣ Coverage for Kids (ਬੱਚਿਆਂ ਲਈ ਕਵਰੇਜ) ਵਿੱਚ ਕਰਵਾਇਆ, ਉਹ ਉਨ੍ਹਾਂ "ਸ਼ਾਨਦਾਰ ਰੇਟਾਂ" ਦੀ ਪ੍ਰਸ਼ੰਸਾ ਕਰਦੀ ਹੈ ਜਿਨ੍ਹਾਂ ਨਾਲ ਉਸਦੇ ਪਰਿਵਾਰ ਨੂੰ ਮਹੀਨੇਵਾਰ ਬਚਤ ਕਰਨ ਵਿੱਚ ਮਦਦ ਮਿਲਦੀ ਹੈ।*

**Dani R.**
ਦੇਖਭਾਲਕਰਤਾ, Asotin

### ਵਿਕਲਪ 1

## ਵਿਅਕਤੀਗਤ ਕਵਰੇਜ ਮੈਡੀਕਲ ਅਤੇ ਡੈਂਟਲ

## $25/ਮਹੀਨਾ

**ਮਹੀਨੇਵਾਰ ਸਹਿ-ਪ੍ਰੀਮੀਅਮ**

ਪ੍ਰਤੀ ਮਹੀਨੇ ਸਿਰਫ਼ $25 ਵਿੱਚ ਆਪਣੇ ਲਈ ਮੈਡੀਕਲ ਅਤੇ ਡੈਂਟਲ ਕਵਰੇਜ ਪ੍ਰਾਪਤ ਕਰੋ।

**ਮਹੀਨੇਵਾਰ ਸਹਿ-ਪ੍ਰੀਮੀਅਮ:** ਉਹ ਰਕਮ ਜਿਸਦਾ ਭੁਗਤਾਨ ਤੁਸੀਂ ਆਪਣੀ ਹੈਲਥ ਕਵਰੇਜ ਵਾਸਤੇ ਹਰ ਮਹੀਨੇ ਭੁਗਤਾਨ ਕਰਦੇ ਹੋ, ਵੇਰਵਿਆਂ ਲਈ ਪੰਨਾ 9 ਦੇਖੋ।

**ਯੋਗਤਾ**

ਹਰ ਮਹੀਨੇ 80 ਘੰਟਿਆਂ ਜਾਂ ਇਸਤੋਂ ਵੱਧ ਲਈ ਕੰਮ ਕਰੋ।

### ਵਿਕਲਪ 2

## ਵਿਅਕਤੀਗਤ ਕਵਰੇਜ + Coverage for Kids (ਬੱਚਿਆਂ ਲਈ ਕਵਰੇਜ) ਮੈਡੀਕਲ ਅਤੇ ਡੈਂਟਲ

## $125/ਮਹੀਨਾ

**ਮਹੀਨੇਵਾਰ ਸਹਿ-ਪ੍ਰੀਮੀਅਮ**

ਆਪਣੇ ਲਈ, ਅਤੇ ਨਾਲ ਹੀ ਆਪਣੇ ਬੱਚਿਆਂ ਲਈ, ਪ੍ਰਤੀ ਮਹੀਨੇ ਸਿਰਫ਼ $125 ਵਿੱਚ ਮੈਡੀਕਲ ਅਤੇ ਡੈਂਟਲ ਕਵਰੇਜ ਪ੍ਰਾਪਤ ਕਰੋ।

### ਵਿਕਲਪ 3

## ਵਿਅਕਤੀਗਤ ਕਵਰੇਜ + Coverage for Kids (ਬੱਚਿਆਂ ਲਈ ਕਵਰੇਜ) ਸਿਰਫ਼ ਡੈਂਟਲ

## $35/ਮਹੀਨਾ

**ਮਹੀਨੇਵਾਰ ਸਹਿ-ਪ੍ਰੀਮੀਅਮ**

ਪ੍ਰਤੀ ਮਹੀਨੇ ਸਿਰਫ਼ $35 ਵਿੱਚ, ਆਪਣੇ ਲਈ ਮੈਡੀਕਲ ਅਤੇ ਡੈਂਟਲ ਕਵਰੇਜ ਪ੍ਰਾਪਤ ਕਰੋ, ਅਤੇ ਨਾਲ ਹੀ ਆਪਣੇ ਬੱਚਿਆਂ ਲਈ ਡੈਂਟਲ ਕਵਰੇਜ ਪ੍ਰਾਪਤ ਕਰੋ।

**ਖਰਚਾ ਉਨ੍ਹਾ ਹੀ ਪੈਂਦਾ ਹੈ, ਭਾਵੇਂ ਤੁਸੀਂ ਜਿੰਨੇ ਮਰਜ਼ੀ ਬੱਚਿਆਂ ਨੂੰ ਜੋੜ ਲਓ!**

ਤੁਸੀਂ ਯੋਗ ਨਿਰਭਰ ਬੱਚਿਆਂ ਨੂੰ ਉਨ੍ਹਾਂ ਦੇ 26ਵੇਂ ਜਨਮ ਦਿਨ ਤੱਕ ਸ਼ਾਮਲ ਕਰ ਸਕਦੇ ਹੋ, ਜਿਨ੍ਹਾਂ ਵਿੱਚ ਸਕੇ, ਗੋਦ ਲਏ ਹੋਏ, ਮਤਰੇਏ ਬੱਚੇ ਅਤੇ ਘਰੇਲੂ ਸਾਥੀ ਦੇ ਬੱਚੇ ਸ਼ਾਮਲ ਹਨ।

*KPWA POS ਦੇ ਮੈਂਬਰਾਂ ਨੂੰ Coverage for Kids (ਬੱਚਿਆਂ ਲਈ ਕਵਰੇਜ) ਜੋੜਨ ਲਈ ਪਲਾਨ ਬਦਲਣੇ ਪੈਣਗੇ।*

**ਯੋਗਤਾ**

ਹਰ ਮਹੀਨੇ 120 ਘੰਟਿਆਂ ਜਾਂ ਇਸਤੋਂ ਵੱਧ ਲਈ ਕੰਮ ਕਰੋ।

2025

# ਨਵੇਂ ਅਤੇ ਬਿਹਤਰ ਬੈਨਿਫ਼ਿਟ

### Coverage Reliability (ਕਵਰੇਜ ਭਰੋਸੇਯੋਗਤਾ)

ਦੇਖਭਾਲ ਕਰਨ ਵਾਲਿਆਂ ਨੂੰ ਹੁਣ ਪ੍ਰਤੀ ਸਾਲ 2 Coverage Reliability (ਕਵਰੇਜ ਭਰੋਸੇਯੋਗਤਾ) ਕ੍ਰੈਡਿਟ ਮਿਲਦੇ ਹਨ। ਜੇ ਤੁਸੀਂ ਕੰਮ ਦੇ ਲੋੜੀਂਦੇ ਘੰਟਿਆਂ ਨੂੰ ਪੂਰਾ ਨਹੀਂ ਕਰਦੇ ਹੋ ਤਾਂ ਹਰ ਕ੍ਰੈਡਿਟ—ਤੁਹਾਡੇ ਅਤੇ ਤੁਹਾਡੇ ਨਿਰਭਰ ਵਿਅਕਤੀਆਂ ਲਈ ਨਿਰੰਤਰ ਕਵਰੇਜ ਮੁਹੱਈਆ ਕਰਦੇ ਹੋਏ ਹੈਲਥਕੇਅਰ ਕਵਰੇਜ ਨੂੰ 1 ਮਹੀਨੇ ਲਈ ਵਧਾ ਦਿੰਦਾ ਹੈ।

### Progyny ਗੋਦ ਲੈਣ ਸਬੰਧੀ ਬੈਨਿਫ਼ਿਟ

ਗੋਦ ਲੈਣ ਨਾਲ ਸਬੰਧਤ ਖਰਚਿਆਂ ਲਈ $15,000 ਤੱਕ ਪ੍ਰਾਪਤ ਕਰੋ (ਲਾਈਫਟਾਈਮ ਬੈਨਿਫ਼ਿਟ[1])।

[1]ਜਦੋਂ ਤੱਕ ਤੁਸੀਂ ਪਲਾਨ ਵਿੱਚ ਨਾਮਾਂਕਿਤ ਰਹਿੰਦੇ ਹੋ, ਉਦੋਂ ਤੱਕ ਗੋਦ ਲੈਣ ਨਾਲ ਸਬੰਧਤ ਖਰਚਿਆਂ ਲਈ ਕਵਰ ਕੀਤੀ ਜਾਣ ਵਾਲੀ ਵੱਧ ਤੋਂ ਵੱਧ ਰਕਮ।

### ਪ੍ਰਿਸਕ੍ਰਿਪਸ਼ਨ ਦੇ ਖਰਚੇ ਵਿੱਚ ਕਮੀ

ਗੈਰ-ਪਸੰਦੀਦਾ ਬ੍ਰਾਂਡ ਦੇ ਇਨਹੇਲਰਾਂ, EpiPens ਅਤੇ HIV ਨਾਲ ਸੰਪਰਕ ਵਿੱਚ ਆਉਣ ਤੋਂ ਬਾਅਦ ਲਈ ਦਵਾਈਆਂ ਅਤੇ ਥੈਰੇਪੀਆਂ ਲਈ ਘਟੇ ਹੋਏ ਖਰਚੇ।

### ਲਿੰਗ-ਪੁਸ਼ਟੀਕਰਨ ਦੇਖਭਾਲ ਸਬੰਧੀ ਬੈਨਿਫ਼ਿਟ

ਸਾਰੇ ਪਲਾਨ ਹੁਣ ਕਈ ਤਰ੍ਹਾਂ ਦੀਆਂ ਪ੍ਰਕਿਰਿਆਵਾਂ ਅਤੇ ਥੈਰੇਪੀਆਂ ਨੂੰ ਕਵਰ ਕਰਦੇ ਹਨ।

***ਦੇਖਭਾਲਕਰਤਾ ਵਧੀਆ ਕੁਆਲਿਟੀ ਦੀ, ਭਰੋਸੇਮੰਦ ਹੈਲਥਕੇਅਰ ਤੱਕ ਪਹੁੰਚ ਦੇ ਹੱਕਦਾਰ ਹੁੰਦੇ ਹਨ ਜਿਸ ਨਾਲ ਉਹ ਆਪਣੇ ਬੈਨਿਫ਼ਿਟਾਂ ਨੂੰ ਪ੍ਰਬੰਧਿਤ ਕਰਨ ਦੇ ਤਣਾਅ ਤੋਂ ਬਗੈਰ—ਬੇਮਿਸਾਲ ਦੇਖਭਾਲ ਪ੍ਰਦਾਨ ਕਰਨ 'ਤੇ ਧਿਆਨ ਦੇ ਸਕਣ। ਇਹ ਬਿਲਕੁਲ ਨਵੇਂ ਵਾਧੇ ਅਜਿਹੀ ਕਵਰੇਜ ਪ੍ਰਦਾਨ ਕਰਨ ਪ੍ਰਤੀ ਸਾਡੀ ਨਿਰੰਤਰ ਵਚਨਬੱਧਤਾ ਨੂੰ ਦਰਸਾਉਂਦੇ ਹਨ ਜੋ ਦੇਖਭਾਲਕਤਾ ਦੇ ਅਨੁਭਵ ਵਿੱਚ ਵਾਕਈ ਸਹਿਯੋਗ ਦਿੰਦੀ ਹੈ।***

**Merissa Clyde**
CEO,
SEIU 775
Benefits Group



# ਕਵਰੇਜ ਲਾਭ ਸਬੰਧੀ ਖ਼ਾਸ ਗੱਲਾਂ

ਤੁਹਾਡੇ ਲਈ ਉਪਲਬਧ ਹੈਲਥ ਪਲਾਨ ਤੁਹਾਡੇ ਘਰ ਦੇ ZIP ਕੋਡ 'ਤੇ ਅਧਾਰਤ ਹੁੰਦਾ ਹੈ। ਤੁਹਾਡਾ ਨਿਰਧਾਰਤ ਪਲਾਨ ਤੁਹਾਡੀ ਸਿਹਤ ਅਤੇ ਤੰਦਰੁਸਤੀ ਵਿੱਚ ਸਹਿਯੋਗ ਦੇਣ ਦੇ ਬਹੁਤ ਸਾਰੇ ਤਰੀਕੇ ਪ੍ਰਦਾਨ ਕਰਦਾ ਹੈ। ਕਵਰੇਜ ਵਿੱਚ ਹੇਠਾਂ ਦੱਸੇ ਬੈਨਿਫ਼ਿਟ ਸ਼ਾਮਲ ਹਨ:

- ✓ ਮੈਡੀਕਲ
- ✓ ਰੋਕਥਾਮ ਲਈ ਦੇਖਭਾਲ
- ✓ ਡੈਂਟਲ ਅਤੇ ਆੱਰਥੋਡੌਂਸ਼ੀਆ
- ✓ ਪ੍ਰਿਸਕ੍ਰਿਪਸ਼ਨ (ਡਾਕਟਰ ਵੱਲੋਂ ਲਿਖੀ) ਦਵਾਈ
- ✓ ਮਾਨਸਿਕ ਸਿਹਤ
- ✓ ਨਜ਼ਰ ਸਬੰਧੀ
- ✓ ਸੁਣਨ ਸਬੰਧੀ
- ✓ ਪਰਿਵਾਰ ਬਣਾਉਣ ਅਤੇ ਪ੍ਰਜਣਨ ਸਿਹਤ ਸਬੰਧੀ ਬੈਨਿਫ਼ਿਟ
- ✓ ਲਿੰਗ-ਪੁਸ਼ਟੀਕਰਨ ਸਬੰਧੀ ਦੇਖਭਾਲ
- ✓ ਮਸਾਜ ਅਤੇ ਕਾਇਰੋਪ੍ਰੈਕਟਿਕ
- ✓ ਫ਼ਿਜ਼ਿਕਲ ਥੈਰੇਪੀ

## ਮੁਫ਼ਤ ਪ੍ਰਾਇਮਰੀ ਕੇਅਰ ਮੁਲਾਕਾਤਾਂ

ਆਪਣੇ ਪ੍ਰਾਇਮਰੀ ਕੇਅਰ ਪ੍ਰੋਵਾਈਡਰ (PCP) ਨੂੰ ਮਿਲਣ ਲਈ ਕੋਈ ਖਰਚਾ ਨਹੀਂ* ਹੁੰਦਾ। ਤੰਦਰੁਸਤੀ ਜਾਂਚਾਂ ਲਈ ਅਤੇ ਜਦੋਂ ਤੁਸੀਂ ਬਿਮਾਰ ਹੁੰਦੇ ਹੋ ਤਾਂ ਤੁਸੀਂ ਆਪਣੇ PCP ਨੂੰ ਮਿਲ ਸਕਦੇ ਹੋ। ਤੁਹਾਡੀ ਕਵਰੇਜ ਵਿੱਚ ਵਰਚੁਅਲ ਦੇਖਭਾਲ ਦੇ ਵਿਕਲਪ ਵੀ ਸ਼ਾਮਲ ਹੁੰਦੇ ਹਨ, ਤਾਂ ਜੋ ਤੁਸੀਂ ਘਰ ਬੈਠਿਆਂ ਹੀ ਦੇਖਭਾਲ ਪ੍ਰਾਪਤ ਕਰ ਸਕੋ।

*ਆਪਣੇ PCP ਨਾਲ ਕੀਤੀਆਂ ਮੁਲਾਕਾਤਾਂ ਲਈ ਕੋਈ ਸਹਿ-ਭੁਗਤਾਨ ਨਹੀਂ ਹੁੰਦਾ ਹੈ, ਪਰ ਜੇ ਤੁਹਾਡਾ ਡਾਕਟਰ ਟੈਸਟਾਂ ਜਾਂ ਲੈਬ ਜਾਂਚਾਂ ਕਰਾਉਣ ਲਈ ਕਹਿੰਦਾ ਹੈ, ਤਾਂ ਹੋ ਸਕਦਾ ਹੈ ਤੁਹਾਨੂੰ ਉਨ੍ਹਾਂ ਸੇਵਾਵਾਂ ਲਈ ਸਹਿ-ਭੁਗਤਾਨ ਕਰਨਾ ਪਵੇ।

## ਤਤਕਾਲ ਅਤੇ ਐਮਰਜੈਂਸੀ ਦੇਖਭਾਲ

ਤੁਹਾਡੇ ਪਲਾਨ ਵਿੱਚ ਤਤਕਾਲ ਦੇਖਭਾਲ ਅਤੇ ਐਮਰਜੈਂਸੀ ਰੂਮ ਦੇ ਦੌਰੇ ਸ਼ਾਮਲ ਹੁੰਦੇ ਹਨ। ਤਤਕਾਲ ਦੇਖਭਾਲ ਛੋਟੀ-ਮੋਟੀ ਸੱਟ ਲੱਗਣ ਜਾਂ ਫ਼ਲੂ ਦੇ ਲੱਛਣਾਂ ਵਰਗੀਆਂ ਗੈਰ-ਐਮਰਜੈਂਸੀ ਸਮੱਸਿਆਵਾਂ ਲਈ, ਤੁਹਾਡੇ ਡਾਕਟਰ ਦੇ ਉਪਲਬਧ ਨਾ ਹੋਣ 'ਤੇ ਇੱਕ ਘੱਟ-ਖਰਚੇ ਵਾਲਾ ਵਿਕਲਪ ਹੁੰਦਾ ਹੈ। ਐਮਰਜੈਂਸੀ ਰੂਮ ਦੇ ਦੌਰਿਆਂ ਲਈ $200 ਦਾ ਸਹਿ-ਭੁਗਤਾਨ ਹੁੰਦਾ ਹੈ ਅਤੇ ਇਸਨੂੰ ਛਾਤੀ ਵਿੱਚ ਦਰਦ, ਸਾਹ ਲੈਣ ਵਿੱਚ ਮੁਸ਼ਕਲ ਜਾਂ ਗੰਭੀਰ ਸੱਟਾਂ ਵਰਗੀਆਂ ਗੰਭੀਰ ਸਥਿਤੀਆਂ ਲਈ ਹੀ ਵਰਤਿਆ ਜਾਣਾ ਚਾਹੀਦਾ ਹੈ।

ਇੱਕ ਕਟੌਤੀਯੋਗ ਜਾਂ ਸਹਿ-ਭੁਗਤਾਨ ਲਾਗੂ ਹੋ ਸਕਦਾ ਹੈ।

## ਪ੍ਰਿਸਕ੍ਰਿਪਸ਼ਨ (ਡਾਕਟਰ ਦੁਆਰਾ ਲਿਖੀ ਦਵਾਈ) ਸਬੰਧੀ ਬੈਨਿਫ਼ਿਟ

ਦਵਾਈ ਦੇ ਪੱਧਰ (ਟੀਅਰ) 'ਤੇ ਨਿਰਭਰ ਕਰਦਿਆਂ, ਤੁਹਾਡੇ ਕੋਲ ਬਹੁਤ ਹੀ ਘੱਟ ਖਰਚੇ ਵਾਲੀਆਂ ਦਵਾਈਆਂ ਤੋਂ ਲੈ ਕੇ ਮੁਫ਼ਤ ਦਵਾਈਆਂ ਤੱਕ ਵੱਖ-ਵੱਖ ਪ੍ਰਕਾਰ ਦੀਆਂ ਪ੍ਰਿਸਕ੍ਰਿਪਸ਼ਨ ਦਵਾਈਆਂ (Rx) ਤੱਕ ਪਹੁੰਚ ਹੁੰਦੀ ਹੈ। ਜੈਨੇਰਿਕ ਦਵਾਈਆਂ ਵਾਸਤੇ ਆਮ ਤੌਰ 'ਤੇ ਸਭ ਤੋਂ ਘੱਟ ਸਹਿ-ਭੁਗਤਾਨ ਹੁੰਦਾ ਹੈ, ਜਦਕਿ ਬ੍ਰਾਂਡ ਨਾਮ ਅਤੇ ਵਿਸ਼ੇਸ਼ ਦਵਾਈਆਂ ਦੀ ਕੀਮਤ ਮੁਕਾਬਲਤਨ ਵਧੇਰੇ ਹੋ ਸਕਦੀ ਹੈ। ਡਾਕ ਰਾਹੀਂ ਆਰਡਰ ਦੇ ਵਿਕਲਪ ਵੀ ਉਪਲਬਧ ਹਨ, ਜਿਸ ਨਾਲ ਤੁਸੀਂ ਤੁਹਾਡੇ ਘਰ ਵਿੱਚ ਪਹੁੰਚਾਈਆਂ ਜਾਣ ਵਾਲੀਆਂ ਦਵਾਈਆਂ ਦੀ 90-ਦਿਨਾਂ ਦੀ ਸਪਲਾਈ ਪ੍ਰਾਪਤ ਕਰ ਸਕਦੇ ਹੋ।

## ਮਾਨਸਿਕ ਸਿਹਤ ਸਬੰਧੀ ਬੈਨਿਫ਼ਿਟਸ

ਤੁਹਾਡੀ ਭਾਵਨਾਤਮਕ ਅਤੇ ਮਾਨਸਿਕ ਸਿਹਤ ਵੀ ਉੰਨੀ ਹੀ ਮਹੱਤਵਪੂਰਨ ਹੈ ਜਿੰਨੀ ਕਿ ਤੁਹਾਡੀ ਸਰੀਰਕ ਸਿਹਤ। ਤੁਹਾਡੀ ਕਵਰੇਜ ਵਿੱਚ ਪੇਸ਼ੇਵਰ ਸਹਿਯੋਗ, ਦਵਾਈਆਂ, ਗਰੁੱਪ ਥੈਰੇਪੀ ਅਤੇ ਵਿਕਲਪਕ ਦੇਖਭਾਲ ਦੇ ਨਾਲ-ਨਾਲ ਸਵੈ-ਸੰਭਾਲ ਐਪਾਂ ਅਤੇ ਹੋਰ ਪ੍ਰੋਗਰਾਮਾਂ ਅਤੇ ਸਰੋਤਾਂ ਤੱਕ ਪਹੁੰਚ ਸ਼ਾਮਲ ਹੁੰਦੀ ਹੈ।

## ਨਜ਼ਰ ਸਬੰਧੀ ਬੈਨਿਫ਼ਿਟ

ਤੁਹਾਡੀ ਕਵਰੇਜ ਅੱਖਾਂ ਦੀ ਵਿਆਪਕ ਦੇਖਭਾਲ ਪ੍ਰਦਾਨ ਕਰਦੀ ਹੈ। ਇਸ ਵਿੱਚ ਹਰ 12 ਮਹੀਨਿਆਂ ਵਿੱਚ ਅੱਖਾਂ ਦੀ 1 ਮੁਫ਼ਤ ਜਾਂਚ, ਅਤੇ ਹਰ 12 ਮਹੀਨਿਆਂ ਵਿੱਚ $600 ਵਿੱਚ ਨਜ਼ਰ ਸਬੰਧੀ ਹਾਰਡਵੇਅਰ (ਜਿਵੇਂ ਕਿ ਲੈਂਸ, ਫ੍ਰੇਮ ਅਤੇ ਕੰਟੈਕਟ ਲੈਂਸ) ਸ਼ਾਮਲ ਹੈ।

## ਸੁਣਨ ਸ਼ਕਤੀ ਸਬੰਧੀ ਬੈਨਿਫ਼ਿਟ

EPIC Hearing ਰਾਹੀਂ, ਤੁਸੀਂ ਅਤੇ ਤੁਹਾਡੇ ਬੱਚੇ ਇੱਕ ਇਨ-ਨੈੱਟਵਰਕ ਪ੍ਰਦਾਤਾ ਤੋਂ ਸਲਾਹ-ਮਸ਼ਵਰੇ ਨਾਲ ਬਗੈਰ ਕਿਸੇ ਖਰਚੇ ਦੇ ਇੱਕ ਸਲਾਨਾ ਸੁਣਨ-ਸ਼ਕਤੀ ਦੀ ਜਾਂਚ ਕਰਵਾ ਸਕਦੇ ਹੋ। ਇਸਦੇ ਨਾਲ ਹੀ ਹਰ 36 ਮਹੀਨਿਆਂ ਵਿੱਚ ਹਰ ਕੰਨ ਲਈ ਸੁਣਨ-ਸਬੰਧੀ ਹਾਰਡਵੇਅਰ ਲਈ $3,000 ਤੱਕ ਦੀ ਵਿਸਤ੍ਰਿਤ ਵਾਰੰਟੀ ਵੀ ਪ੍ਰਾਪਤ ਕਰ ਸਕਦੇ ਹੋ।

EPIC HEARING HEALTHCARE



*"ਇੱਕ ਵਾਰ, ਮੈਂ ਸੱਚੀਂ ਬਹੁਤ ਬਿਮਾਰ ਸੀ ਅਤੇ 45 ਦਿਨਾਂ ਤੱਕ ਹਸਪਤਾਲ ਵਿੱਚ ਰਹੀ। ਕਿਉਂਕਿ ਮੇਰੇ ਕੋਲ ਹੈਲਥ ਕਵਰੇਜ ਹੈ, ਇਸ ਕਰਕੇ ਮੈਂ ਬਸ ਥੋੜ੍ਹਾ ਜਿਹਾ ਭੁਗਤਾਨ ਕੀਤਾ ਅਤੇ ਇਸਦਾ ਜ਼ਿਆਦਾਤਰ ਭੁਗਤਾਨ ਬੀਮੇ ਨੇ ਕੀਤਾ। ਇਸੇ ਕਰਕੇ ਕਵਰੇਜ ਦਾ ਹੋਣਾ ਬਹੁਤ ਜ਼ਰੂਰੀ ਹੁੰਦਾ ਹੈ।"*

**Amy L.**
ਕੇਅਰਗਿਵਰ, Seattle

## ਤੰਦਰੁਸਤੀ ਬਾਰੇ ਕੋਚਿੰਗ ਅਤੇ ਪ੍ਰੋਗਰਾਮ

ਵੈੱਲਨੈਸ ਬੈਨਿਫ਼ਿਟਾਂ ਅਤੇ ਕੋਚਿੰਗ ਨਾਲ ਤੁਹਾਨੂੰ ਡਾਇਬੀਟੀਜ਼ (ਸ਼ੂਗਰ) ਜਾਂ ਹਾਈ ਬਲੱਡ ਪ੍ਰੈਸ਼ਰ ਵਰਗੀਆਂ ਲੰਬੇ ਸਮੇਂ ਤੋਂ ਚੱਲਦੀਆਂ ਸਮੱਸਿਆਵਾਂ ਨਾਲ ਨਜਿੱਠਣ ਵਿੱਚ ਮਦਦ ਮਿਲ ਸਕਦੀ ਹੈ, ਅਤੇ ਨਾਲ ਹੀ ਤੁਹਾਡੀ ਸਰੀਰਕ ਸਿਹਤ ਵਿੱਚ ਵੀ ਸੁਧਾਰ ਆ ਸਕਦਾ ਹੈ। ਤੁਹਾਡੇ ਪਲਾਨ ਵਿੱਚ ਸ਼ਾਮਲ ਹਨ:

- ਤੁਹਾਡੇ ਟੀਚਿਆਂ ਨੂੰ ਹਾਸਲ ਕਰਨ ਲਈ ਤੁਹਾਡੇ ਵਾਸਤੇ ਵਿਸ਼ੇਸ਼ ਸੇਧ ਲਈ ਵਿਅਕਤੀਗਤ ਰੂਪ ਵਿੱਚ ਤੰਦਰੁਸਤੀ ਬਾਰੇ ਕੋਚਿੰਗ।
- ਇੱਕ ਦੇਖਭਾਲ ਟੀਮ ਵੱਲੋਂ ਤੁਹਾਡੀ ਸਥਿਤੀ ਨਾਲ ਨਜਿੱਠਣ ਵਿੱਚ ਮਦਦ ਲਈ ਸਹਿਯੋਗ।
- ਅਸਾਨ ਪ੍ਰਬੰਧਨ ਅਤੇ ਟ੍ਰੈਕ ਕਰਨ ਲਈ ਪ੍ਰੋਗਰਾਮ ਅਤੇ ਐਪਾਂ।

## ਮਸਾਜ ਅਤੇ ਕਾਇਰੋਪ੍ਰੈਕਟਿਕ

ਘੱਟ ਖਰਚ ਵਾਲੀ ਫ਼ਿਜ਼ਿਕਲ ਥੈਰੇਪੀ, ਮਸਾਜ, ਕਾਇਰੋਪ੍ਰੈਕਟਿਕ, ਐਕਿਊਪੰਕਚਰ ਅਤੇ ਵਰਚੁਅਲ ਤੰਦਰੁਸਤੀ ਪ੍ਰੋਗਰਾਮਾਂ ਨਾਲ ਮਾਸਪੇਸ਼ੀਆਂ ਅਤੇ ਜੋੜਾਂ ਦੇ ਦਰਦ ਦਾ ਇਲਾਜ ਕੀਤਾ ਜਾ ਸਕਦਾ ਹੈ ਅਤੇ ਇਨ੍ਹਾਂ ਦੀ ਰੋਕਥਾਮ ਕੀਤੀ ਜਾ ਸਕਦੀ ਹੈ।

ਮੁਲਾਕਾਤ ਸੀਮਾਵਾਂ ਜਾਂ ਰੈਫ਼ਰਲ ਲੋੜਾਂ ਵਾਸਤੇ ਆਪਣੇ ਪਲਾਨ ਦੇ ਵੇਰਵੇ ਦੇਖੋ ਅਤੇ ਆਪਣੇ ਪ੍ਰੋਵਾਈਡਰ ਤੋਂ ਇਹ ਪੱਕਾ ਕਰੋ ਕਿ ਉਹ ਅਪੌਇੰਟਮੈਂਟ ਤੈਅ ਕਰਦੇ ਸਮੇਂ ਤੁਹਾਡਾ ਬੀਮੇ ਨੂੰ ਸਵੀਕਾਰ ਕਰਦਾ ਹੈ।

## ਪਰਿਵਾਰ ਬਣਾਉਣ ਅਤੇ ਪ੍ਰਜਣਨ ਸਿਹਤ ਸਬੰਧੀ ਬੈਨਿਫ਼ਿਟ

ਜਣਨ-ਸ਼ਕਤੀ (fertility) ਅਤੇ ਪਰਿਵਾਰ ਬਣਾਉਣ (family-building) ਤੋਂ ਲੈ ਕੇ ਗਰਭ ਅਵਸਥਾ, ਪੋਸਟਪਾਰਟਮ ਅਤੇ ਮੇਨੋਪੌਜ਼ ਤੱਕ, ਜੀਵਨ ਦੇ ਹਰ ਪੜਾਅ ਲਈ ਬੈਨਿਫ਼ਿਟ ਪ੍ਰਾਪਤ ਕਰੋ। ਬਿਲਕੁਲ ਨਵੇਂ ਇਲਾਜਾਂ, ਸਮਰਪਿਤ ਮਰੀਜ਼ ਦੇਖਭਾਲ ਹਮਾਇਤੀਆਂ (Patient Care Advocates, PCAs) ਤੋਂ ਤੁਹਾਡੇ ਲਈ ਵਿਸ਼ੇਸ਼ ਸਹਿਯੋਗ ਅਤੇ ਵਿਅਕਤੀਗਤ ਰੂਪ ਵਿੱਚ ਜਾਂ ਵਰਚੁਅਲ ਦੇਖਭਾਲ ਵਾਸਤੇ ਕਵਰੇਜ ਪ੍ਰਾਪਤ ਕਰੋ। ਅਤੇ ਹੁਣ ਤੁਸੀਂ ਗੋਦ ਲੈਣ ਨਾਲ ਸਬੰਧਤ ਖਰਚਿਆਂ ਵਾਸਤੇ $15,000 ਤੱਕ ਪ੍ਰਾਪਤ ਕਰ ਸਕਦੇ ਹੋ (ਲਾਈਫ਼ਟਾਈਮ ਬੈਨਿਫ਼ਿਟ)।

progyny

## ਬੈਨਿਫ਼ਿਟਾਂ ਦੀ ਪੂਰੀ ਸੂਚੀ ਲਈ ਪਲਾਨ ਦੇ ਵੇਰਵਿਆਂ ਵਾਲਾ ਕਿਤਾਬਚਾ ਵੇਖੋ।

ਪਲਾਨ ਦੇ ਵੇਰਵਿਆਂ ਵਾਲੇ ਕਿਤਾਬਚੇ ਵਿੱਚ ਤੁਹਾਡੇ ਮੈਡੀਕਲ ਅਤੇ ਡੈਂਟਲ ਪਲਾਨਾਂ ਦਾ ਪੂਰਾ ਵੇਰਵਾ ਦਿੱਤਾ ਗਿਆ ਹੈ, ਜਿਸ ਵਿੱਚ ਤੁਹਾਡੀ ਜੇਬ੍ਹ ਤੋਂ ਹੋਣ ਵਾਲੇ ਖਰਚੇ, ਅਤੇ ਪ੍ਰਿਸਕ੍ਰਿਪਸ਼ਨਾਂ, ਮੁਲਾਕਾਤਾਂ ਅਤੇ ਇਲਾਜ ਲਈ ਕਵਰੇਜ ਸ਼ਾਮਲ ਹਨ।

# ਡੈਂਟਲ ਪਲਾਨ



Melissa E.
ਕੇਅਰਗਿਵਰ, Seattle

## ਦੰਦਾਂ ਦੀ ਦੇਖਭਾਲ ਤੁਹਾਡੀ ਹੈਲਥਕੇਅਰ ਕਵਰੇਜ ਵਿੱਚ ਸ਼ਾਮਲ ਹੁੰਦੀ ਹੈ। ਉਹ ਪਲਾਨ ਚੁਣੋ ਜੋ ਤੁਹਾਡੇ ਲਈ ਸਹੀ ਹੋਵੇ।

ਪਲਾਨ ਦੇ ਵੇਰਵਿਆਂ ਵਾਲੇ ਕਿਤਾਬਚੇ ਵਿੱਚ ਪਲਾਨਾਂ ਦੀ ਤੁਲਨਾ ਕਰਨ ਅਤੇ ਆਮ ਸੇਵਾਵਾਂ ਵਾਸਤੇ ਸੰਭਾਵੀ ਤੌਰ 'ਤੇ ਤੁਹਾਡੀ ਜੇਬ੍ਹ ਤੋਂ ਹੋਣ ਵਾਲੇ ਖਰਚਿਆਂ ਦੀ ਸਮੀਖਿਆ ਕਰਨ ਵਾਸਤੇ ਚਾਰਟ ਦੀ ਵਰਤੋਂ ਕਰੋ।

ਜੇ ਤੁਸੀਂ ਪਹਿਲਾਂ ਹੀ ਕਵਰੇਜ ਵਿੱਚ ਨਾਮਾਂਕਣ ਕਰਾ ਚੁੱਕੇ ਹੋ ਅਤੇ ਤੁਸੀਂ ਆਪਣੇ ਡੈਂਟਲ ਪਲਾਨ ਵਿੱਚ ਬਦਲੀ ਕਰਨਾ ਚਾਹੋਗੇ, ਤਾਂ Open Enrollment (ਖੁੱਲ੍ਹੇ ਨਾਮਾਂਕਣ) ਦੇ ਦੌਰਾਨ ਅਜਿਹਾ ਕਰ ਸਕਦੇ ਹੋ।

| | DELTA DENTAL® | Willamette Dental |
|---|---|---|
| **ਸਲਾਨਾ ਵੱਧੋ-ਵੱਧ ਬੈਨਿਫ਼ਿਟ** | $5,000 | ਕਦੇ ਵੀ ਨਹੀਂ |
| **ਕਟੌਤੀਯੋਗ** | $0 | $0 |
| **ਨਿਯਮਿਤ ਜਾਂਚਾਂ** | ਪੂਰੀ ਤਰ੍ਹਾਂ ਕਵਰ ਕੀਤਾ ਗਿਆ | ਪੂਰੀ ਤਰ੍ਹਾਂ ਕਵਰ ਕੀਤਾ ਗਿਆ |
| **ਆੱਰਥੋਡੌਂਸ਼ੀਆ ਲਾਭ** | ਹਾਂ | ਹਾਂ |
| **ਪ੍ਰਦਾਤਾ ਨੈੱਟਵਰਕ** | Delta Dental ਕੋਲ ਪ੍ਰਦਾਤਾਵਾਂ ਦਾ ਇੱਕ ਬਹੁਤ ਵੱਡਾ ਨੈੱਟਵਰਕ ਹੈ, ਜਿਸ ਵਿੱਚ ਪੇਂਡੂ ਇਲਾਕੇ ਵੀ ਸ਼ਾਮਲ ਹਨ। ਤੁਸੀਂ ਆਪਣੇ ਅਧਿਕਤਮ ਲਾਭ ਲੈਣ ਲਈ ਕੋਈ Delta Dental PPO ਡੈਂਟਿਸਟ ਲੱਭਣਾ ਚਾਹੋਗੇ। | ਪੱਛਮੀ ਵਾਸ਼ਿੰਗਟਨ ਵਿੱਚ Willamette Dental ਦੇ ਬਹੁਤ ਸਾਰੇ ਸੁਵਿਧਾਜਨਕ ਟਿਕਾਣੇ ਹਨ, ਜਿਸ ਨਾਲ, ਜੇ ਤੁਸੀਂ I-5 ਕੋਰੀਡੋਰ ਦੇ ਨਾਲ ਰਹਿੰਦੇ ਹੋ ਤਾਂ ਤੁਹਾਡੇ ਲਈ ਕੋਈ Willamette ਡੈਂਟਿਸਟ ਲੱਭਣਾ ਅਸਾਨ ਹੋ ਜਾਂਦਾ ਹੈ। |
| **ਆਪਣੇ ਨੇੜੇ ਕਿਸੇ ਡੈਂਟਿਸਟ ਨੂੰ ਲੱਭੋ** | ਇੱਥੇ ਜਾਓ **deltadentalwa.com/fad/search** ਅਤੇ ਆਪਣੀ ਖੋਜ ਦੇ ਨਤੀਜਿਆਂ ਨੂੰ ਫ਼ਿਲਟਰ ਕਰਨ ਲਈ 'Delta Dental PPO' ਨੂੰ ਚੁਣੋ। | ਇੱਥੇ ਜਾਓ **locations.willamettedental.com** ਅਤੇ ਸਰਚ ਬਾਰ ਵਿੱਚ ਆਪਣਾ ZIP ਕੋਡ ਪਾਓ। |
| **ਸਵਾਲਾਂ ਜਾਂ ਵਧੇਰੇ ਜਾਣਕਾਰੀ ਲਈ** | **1-800-554-1907**<br>**DeltaDentalWA.com** | **1-855-433-6825**<br>**myseiu.be/willamette** |

ਹੈਲਥ ਬੈਨਿਫ਼ਿਟਸ ਖਾਤਾ

# ਕਵਰੇਜ ਲਈ ਔਨਲਾਈਨ ਅਪਲਾਈ ਕਰੋ

**ਖਾਤਾ ਕਿਵੇਂ ਬਣਾਉਣਾ ਹੈ, ਇੱਥੋਂ ਸਿੱਖੋ**
**myseiu.be/hba**

ਇਸ ਸਮੇਂ ਖਾਤੇ ਅੰਗ੍ਰੇਜ਼ੀ ਵਿੱਚ ਉਪਲਬਧ ਹਨ। ਜੇ ਤੁਹਾਨੂੰ ਖਾਤਾ ਬਣਾਉਣ ਵਿੱਚ ਮਦਦ ਜਾਂ ਭਾਸ਼ਾ ਵਿੱਚ ਸਹਿਯੋਗ ਦੀ ਲੋੜ ਹੈ ਤਾਂ ਇੱਥੇ ਕਾਲ ਕਰੋ: **1-877-606-6705**।

## ਤੁਹਾਡੇ ਔਨਲਾਈਨ ਖਾਤੇ ਨੂੰ MagnaCare ਦੁਆਰਾ ਨਿਯੰਤ੍ਰਿਤ ਕੀਤਾ ਜਾਂਦਾ ਹੈ, ਜੋ ਤੁਹਾਡੇ ਹੈਲਥ ਬੈਨਿਫ਼ਿਟਸ ਦਾ ਬੰਦੋਬਸਤ ਕਰਦਾ ਹੈ।

ਹੈਲਥ ਕੇਅਰ ਕਵਰੇਜ ਲਈ ਅਰਜ਼ੀ ਦੇਣ ਜਾਂ ਇਸ ਵਿੱਚ ਤਬਦੀਲੀਆਂ ਕਰਨ ਦੇ ਯੋਗ ਹੋਣ ਤੋਂ ਇਲਾਵਾ, ਤੁਸੀਂ ਸਹਿ-ਪ੍ਰੀਮੀਅਮਾਂ ਦਾ ਭੁਗਤਾਨ ਕਰ ਸਕਦੇ ਹੋ, ਪਿਛਲੇ ਭੁਗਤਾਨ ਦੇਖ ਸਕਦੇ ਹੋ, ਪਲਾਨ ਸਬੰਧੀ ਦਸਤਾਵੇਜ਼ਾਂ ਤੱਕ ਪਹੁੰਚ ਕਰ ਸਕਦੇ ਹੋ ਅਤੇ ਈਮੇਲ ਰਾਹੀਂ ਚਿੱਠੀ-ਪੱਤਰ ਵਾਸਤੇ ਸਾਈਨ ਅੱਪ ਕਰ ਸਕਦੇ ਹੋ।

### ਆਪਣੀ ਯੋਗਤਾ ਚੈੱਕ ਕਰੋ

ਕਵਰੇਜ ਅਤੇ ਹੋਰ ਤੰਦਰੁਸਤੀ ਸਬੰਧੀ ਬੈਨਿਫ਼ਿਟਾਂ ਜਿਵੇਂ ਕਿ Caregiver Kicks ਲਈ ਆਪਣੇ ਕੰਮ ਦੇ ਘੰਟੇ ਅਤੇ ਯੋਗਤਾ ਦੇਖੋ।

### ਕਵਰੇਜ ਲਈ ਅਪਲਾਈ ਕਰੋ ਜਾਂ ਇਸਨੂੰ ਅੱਪਡੇਟ ਕਰੋ

ਔਨਲਾਈਨ ਅਸਾਨੀ ਨਾਲ ਅਪਲਾਈ ਕਰਨ ਜਾਂ ਮੌਜੂਦਾ ਕਵਰੇਜ ਵਿੱਚ ਤਬਦੀਲੀਆਂ ਕਰਨ ਵਾਸਤੇ ਆਪਣੇ ਖਾਤੇ ਨੂੰ ਐਕਸੈੱਸ ਕਰੋ।

### ਲਾਈਵ ਚੈਟ ਸਹਿਯੋਗ ਪ੍ਰਾਪਤ ਕਰੋ

ਹੈਲਥ ਬੈਨਿਫ਼ਿਟਸ ਗਾਹਕ ਸੇਵਾ ਤੋਂ ਅਪਲਾਈ ਕਰਨ, ਯੋਗਤਾ ਅਤੇ ਹੋਰ ਬਹੁਤ ਸਾਰੀਆਂ ਚੀਜ਼ਾਂ ਬਾਰੇ ਸਵਾਲਾਂ ਵਿੱਚ ਮਦਦ ਪ੍ਰਾਪਤ ਕਰੋ।






# ਹੈਲਥਕੇਅਰ ਕਵਰੇਜ ਬਾਰੇ ਅਕਸਰ ਪੁੱਛੇ ਜਾਂਦੇ ਸਵਾਲ

## ਮੈਂ ਵਿਅਕਤੀਗਤ ਕਵਰੇਜ ਲਈ ਯੋਗ ਕਿਵੇਂ ਬਣਾਂ?

ਵਿਅਕਤੀਗਤ ਕਵਰੇਜ ਲਈ ਯੋਗ ਬਣਨ ਵਾਸਤੇ ਤੁਹਾਨੂੰ ਲਗਾਤਾਰ 2 ਮਹੀਨਿਆਂ ਲਈ, **ਇੱਕ ਮਹੀਨੇ ਵਿੱਚ 80 ਜਾਂ ਇਸਤੋਂ ਵੱਧ ਘੰਟਿਆਂ** ਲਈ ਕੰਮ ਕਰਨਾ ਪਵੇਗਾ।

## ਮੈਂ ਕਿਵੇਂ ਅਪਲਾਈ ਕਰਾਂ?

**myseiu.be/magnacare 'ਤੇ ਔਨਲਾਈਨ ਅਪਲਾਈ ਕਰੋ ਜਾਂ ਤਬਦੀਲੀਆਂ ਕਰੋ।** ਜੇ ਤੁਹਾਨੂੰ ਹੈਲਥ ਬੈਨਿਫ਼ਿਟਸ ਲਈ ਐਪਲੀਕੇਸ਼ਨ ਮਿਲਦੀ ਹੈ ਤਾਂ ਤੁਸੀਂ ਪੂਰੀ ਕੀਤੀ ਐਪਲੀਕੇਸ਼ਨ ਨੂੰ ਇਸ ਉੱਪਰ ਦਿੱਤੇ ਗਏ ਪਤੇ 'ਤੇ ਡਾਕ ਰਾਹੀ ਭੇਜ ਸਕਦੇ ਹੋ ਜਾਂ ਇਸ ਉੱਪਰ ਦਿੱਤੇ ਫ਼ੈਕਸ ਨੰਬਰ 'ਤੇ ਫ਼ੈਕਸ ਕਰ ਸਕਦੇ ਹੋ। ਅਮਰੀਕੀ ਡਾਕ-ਟਿਕਟ ਜ਼ਰੂਰੀ ਹੈ।

ਤੁਹਾਨੂੰ 1 ਦਿਨ ਦੇ ਅੰਦਰ ਈਮੇਲ ਦੁਆਰਾ ਜਾਂ ਤੁਹਾਡੇ ਹੈਲਥ ਬੈਨਿਫ਼ਿਟਸ ਖਾਤੇ ਰਾਹੀਂ ਐਪਲੀਕੇਸ਼ਨ ਦੀ ਰਸੀਦ ਅਤੇ 30 ਦਿਨਾਂ ਦੇ ਅੰਦਰ ਚਿੱਠੀ ਜਾਂ ਈਮੇਲ ਦੁਆਰਾ ਕਵਰੇਜ ਦਾ ਫ਼ੈਸਲਾ ਮਿਲ ਜਾਵੇਗਾ। ਜੇ ਨਹੀਂ ਮਿਲਦਾ ਹੈ, ਤਾਂ 1-877-606-6705 'ਤੇ ਕਾਲ ਕਰੋ।

## ਮੈਂ ਕਦੋਂ ਅਪਲਾਈ ਕਰ ਸਕਦਾ/ਸਕਦੀ ਹਾਂ?

ਅਜਿਹੇ 3 ਮੌਕੇ ਹੁੰਦੇ ਹਨ ਜਦੋਂ ਤੁਸੀਂ ਕਵਰੇਜ ਲਈ ਅਪਲਾਈ ਕਰ ਸਕਦੇ ਹੋ:

1. **ਸ਼ੁਰੂਆਤੀ ਯੋਗਤਾ:** ਤੁਹਾਡੀ ਨਵੀਂ ਯੋਗ ਨਾਮਾਂਕਣ ਸਬੰਧੀ ਸਮੱਗਰੀ 'ਤੇ ਲਿਖੀ ਤਰੀਕ ਤੋਂ 60 ਦਿਨਾਂ ਦੇ ਅੰਦਰ। ਸ਼ੁਰੂਆਤੀ ਯੋਗਤਾ ਉਹ ਹੁੰਦੀ ਹੈ ਜਦੋਂ ਤੁਸੀਂ ਪਹਿਲੀ ਵਾਰ ਯੋਗਤਾ ਪੂਰੀ ਕਰਦੇ ਹੋ।

2. **Open Enrollment (ਖੁੱਲ੍ਹਾ ਨਾਮਾਂਕਣ):** ਹਰ ਸਾਲ 1-20 ਜੁਲਾਈ। ਜੇ ਤੁਸੀਂ ਪਹਿਲਾਂ ਹੀ ਨਾਮਾਂਕਣ ਕਰਾ ਚੁਕੇ ਹੋ ਤਾਂ ਤੁਹਾਡੀ ਕਵਰੇਜ ਆਪਣੇ ਆਪ ਰੀਨਿਊ ਹੋ ਜਾਂਦੀ ਹੈ, ਜਦ ਤੱਕ ਤੁਸੀਂ ਇਸ ਵਿੱਚ ਕੋਈ ਤਬਦੀਲੀਆਂ ਨਾ ਕਰਨਾ ਚਾਹੁੰਦੇ ਹੋਵੋ, ਉਦੋਂ ਤੱਕ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੁੰਦੀ।

3. **ਯੋਗਤਾ ਪੂਰੀ ਕਰਨ ਵਾਲੀ ਜੀਵਨ ਘਟਨਾ (QLE):** ਕਿਸੇ ਅਜਿਹੀ QLE ਦੇ 30 ਦਿਨਾਂ ਦੇ ਅੰਦਰ ਜੋ ਤੁਹਾਡੀਆਂ ਸਿਹਤ ਬੀਮੇ ਦੀਆਂ ਲੋੜਾਂ ਨੂੰ ਬਦਲ ਦਿੰਦੀ ਹੈ। QLEs ਦੀਆਂ ਉਦਾਹਰਨਾਂ ਵਿੱਚ ਬੱਚੇ ਨੂੰ ਗੋਦ ਲੈਣਾ, ਕੋਈ ਹੋਰ ਹੈਲਥਕੇਅਰ ਕਵਰੇਜ ਨੂੰ ਗੁਆ ਬੈਠਣਾ ਜਾਂ ਤਲਾਕ ਲੈਣਾ ਸ਼ਾਮਲ ਹਨ। ਵਧੇਰੇ ਜਾਣਕਾਰੀ ਲਈ, ਇੱਥੇ ਜਾਓ **myseiu.be/qle**।

## ਮੈਂ Coverage for Kids (ਬੱਚਿਆਂ ਲਈ ਕਵਰੇਜ) ਲਈ ਯੋਗ ਕਿਵੇਂ ਬਣਾਂ?

Coverage for Kids (ਬੱਚਿਆਂ ਲਈ ਕਵਰੇਜ) ਲਈ ਯੋਗ ਬਣਨ ਵਾਸਤੇ ਤੁਹਾਨੂੰ **ਇੱਕ ਮਹੀਨੇ ਵਿੱਚ 120 ਜਾਂ ਇਸਤੋਂ ਵੱਧ ਘੰਟਿਆਂ** ਲਈ ਕੰਮ ਕਰਨਾ ਪਵੇਗਾ।

## ਮੈਂ Coverage for Kids (ਬੱਚਿਆਂ ਲਈ ਕਵਰੇਜ) ਵਿੱਚ ਕਿਸ ਨੂੰ ਸ਼ਾਮਲ ਕਰ ਸਕਦਾ/ਸਕਦੀ ਹਾਂ?

ਤੁਸੀਂ ਯੋਗ ਬੱਚਿਆਂ ਨੂੰ ਉਨ੍ਹਾਂ ਦੇ 26ਵੇਂ ਜਨਮ ਦਿਨ ਤੱਕ ਸ਼ਾਮਲ ਕਰ ਸਕਦੇ ਹੋ। ਯੋਗ ਨਿਰਭਰ ਬੱਚਿਆਂ ਵਿੱਚ ਸਕੇ, ਗੋਦ ਲਏ ਹੋਏ, ਮਤਰੇਏ ਬੱਚੇ ਅਤੇ ਤੁਹਾਡੇ ਘਰੇਲੂ ਸਾਥੀ ਦੇ ਬੱਚੇ ਸ਼ਾਮਲ ਹੁੰਦੇ ਹਨ।

ਬੱਚਿਆਂ ਨੂੰ ਤੁਹਾਡੇ ਵਾਲੇ ਪਲਾਨ ਵਿੱਚ ਹੀ ਨਾਮਾਂਕਿਤ ਕੀਤਾ ਜਾਂਦਾ ਹੈ ਅਤੇ ਉਨ੍ਹਾਂ ਨੂੰ ਸਿਰਫ਼ ਇੱਕ ਦੇਖਭਾਲਕਰਤਾ ਦੇ ਅਧੀਨ ਹੀ ਨਾਮਾਂਕਿਤ ਕੀਤਾ ਜਾ ਸਕਦਾ ਹੈ। ਕਵਰੇਜ ਬਾਹਰੀ ਪਲਾਨਾਂ ਨਾਲ ਤਾਲਮੇਲ ਕਰ ਸਕਦੀ ਹੈ। ਵਧੇਰੇ ਜਾਣਕਾਰੀ ਲਈ, 1-877-606-6705 'ਤੇ ਕਾਲ ਕਰੋ।

## ਮੈਂ Coverage for Kids (ਬੱਚਿਆਂ ਲਈ ਕਵਰੇਜ) ਨੂੰ ਕਿਵੇਂ ਸ਼ਾਮਲ ਕਰਾਂ?

1. **ਐਪਲੀਕੇਸ਼ਨ ਦੇ Coverage for Kids (ਬੱਚਿਆਂ ਲਈ ਕਵਰੇਜ) ਵਾਲੇ ਭਾਗ ਨੂੰ ਪੂਰਾ ਕਰੋ।**

2. **ਕੋਈ ਕਵਰੇਜ ਵਿਕਲਪ ਚੁਣੋ,** ਮੈਡੀਕਲ ਅਤੇ ਡੈਂਟਲ ਜਾਂ ਸਿਰਫ਼ ਡੈਂਟਲ।

3. **ਆਪਣੇ ਨਿਰਭਰ ਵਿਅਕਤੀਆਂ ਲਈ ਤਸਦੀਕ ਦਸਤਾਵੇਜ਼ ਜਮ੍ਹਾਂ ਕਰੋ** ਆਪਣੀ ਅਰਜ਼ੀ ਦੇ ਨਾਲ ਹੀ ਜਾਂ ਅਪਲਾਈ ਕਰਨ ਦੇ 60 ਦਿਨਾਂ ਦੇ ਅੰਦਰ**। ਸਵੀਕਾਰ ਕੀਤੇ ਜਾਂਦੇ ਦਸਤਾਵੇਜ਼ਾਂ ਦੀਆਂ ਉਦਾਹਰਣਾਂ ਵਿੱਚ ਸਰਕਾਰ ਦੁਆਰਾ ਜਾਰੀ ਕੀਤੇ ਜਨਮ ਸਰਟੀਫ਼ਿਕੇਟ ਅਤੇ ਟੈਕਸ ਰਿਟਰਨਾਂ ਦੀਆਂ ਕਾਪੀਆਂ ਸ਼ਾਮਲ ਹਨ ਜਿਨ੍ਹਾਂ ਵਿੱਚ ਉਨ੍ਹਾਂ ਨਿਰਭਰ ਵਿਅਕਤੀਆਂ ਦੀ ਸੂਚੀ ਹੁੰਦੀ ਹੈ ਜਿਨ੍ਹਾਂ ਨੂੰ ਤੁਸੀਂ ਆਪਣੀ ਕਵਰੇਜ ਵਿੱਚ ਸ਼ਾਮਲ ਕਰਨਾ ਚਾਹੁੰਦੇ ਹੋ।

**ਬੱਚਿਆਂ ਦਾ ਪਹਿਲੀ ਵਾਰ ਨਾਮਾਂਕਣ ਕਰਨ ਸਮੇਂ ਨਿਰਭਰ ਵਿਅਕਤੀ ਲਈ ਤਸਦੀਕ ਦੀ ਲੋੜ ਹੁੰਦੀ ਹੈ। ਤੁਹਾਨੂੰ ਪਹਿਲਾਂ ਤੋਂ ਤਸਦੀਕ ਕੀਤੇ ਦਸਤਾਵੇਜ਼ਾਂ ਨੂੰ ਉਦੋਂ ਤੱਕ ਦੁਬਾਰਾ ਜਮ੍ਹਾਂ ਕਰਾਉਣ ਦੀ ਲੋੜ ਨਹੀਂ ਹੁੰਦੀ ਜਦੋਂ ਤੱਕ ਮੰਗੇ ਨਾ ਜਾਣ।

**ਹੇਠਾਂ ਦਿੱਤਿਆਂ ਬਾਰੇ ਵਿਸਤਾਰ-ਸਹਿਤ ਜਾਣਕਾਰੀ ਲਈ myseiu.be/cfk 'ਤੇ ਜਾਓ:**

- Coverage for Kids (ਬੱਚਿਆਂ ਲਈ ਕਵਰੇਜ) ਕਿਵੇਂ ਅਪਲਾਈ ਕਰੀਏ।
- ਤੁਸੀਂ ਕਵਰੇਜ ਵਿੱਚ ਕਿਸਨੂੰ ਸ਼ਾਮਲ ਕਰ ਸਕਦੇ ਹੋ।
- ਸਵੀਕਾਰ ਕੀਤੇ ਜਾਂਦੇ ਤਸਦੀਕ ਦਸਤਾਵੇਜ਼ਾਂ ਦੀ ਸੂਚੀ।
- ਆਪਣੇ ਦਸਤਾਵੇਜ਼ ਕਿਵੇਂ ਜਮ੍ਹਾਂ ਕਰਾਉਣੇ ਹਨ।

## ਅਜੇ ਯੋਗ ਨਹੀਂ ਹੋ? ਤੁਸੀਂ ਅਜੇ ਵੀ 1-20 ਜੁਲਾਈ ਤੱਕ, Open Enrollment (ਖੁੱਲ੍ਹੇ ਨਾਮਾਂਕਣ) ਦੇ ਦੌਰਾਨ ਅਪਲਾਈ ਕਰ ਸਕਦੇ ਹੋ।

ਇੱਕ ਹੈਲਥ ਬੈਨਿਫ਼ਿਟਸ ਐਪਲੀਕੇਸ਼ਨ* ਭਰੋ ਅਤੇ ਜਦੋਂ ਤੁਸੀਂ ਇੱਕ ਮਹੀਨੇ ਵਿੱਚ 80+ ਘੰਟਿਆਂ ਲਈ ਕੰਮ ਕਰੋਗੇ, ਤਾਂ ਤੁਹਾਡੀ ਵਿਅਕਤੀਗਤ ਕਵਰੇਜ ਸ਼ੁਰੂ ਹੋ ਜਾਵੇਗੀ। ਜੇ ਤੁਸੀਂ Coverage for Kids (ਬੱਚਿਆਂ ਲਈ ਕਵਰੇਜ) ਨੂੰ ਜੋੜਨਾ ਚਾਹੁੰਦੇ ਹੋ, ਤਾਂ ਨਿਰਭਰ ਵਿਅਕਤੀਆਂ ਲਈ ਕਵਰੇਜ ਉਦੋਂ ਸ਼ੁਰੂ ਹੁੰਦੀ ਹੈ ਜਦੋਂ ਤੁਸੀਂ ਇੱਕ ਮਹੀਨੇ ਵਿੱਚ 120+ ਘੰਟਿਆਂ ਲਈ ਕੰਮ ਕਰਦੇ ਹੋ।

ਜੇ ਤੁਸੀਂ ਫ਼ਿਲਹਾਲ ਇੱਕ ਮਹੀਨੇ ਵਿੱਚ 80+ ਘੰਟਿਆਂ ਲਈ ਕੰਮ ਨਹੀਂ ਕਰਦੇ ਹੋ, ਤਾਂ ਤੁਸੀਂ ਔਨਲਾਈਨ ਐਪਲੀਕੇਸ਼ਨ ਨਹੀਂ ਭਰ ਸਕਦੇ। ਐਪਲੀਕੇਸ਼ਨ ਫ਼ਾਰਮ ਦੀ ਇੱਕ ਕਾਪੀ ਦੀ ਬੇਨਤੀ ਕਰਨ ਲਈ SEIU775BG-caregiver@magnacare.com 'ਤੇ ਈਮੇਲ ਕਰੋ।



## ਮੇਰੀ ਕਵਰੇਜ ਕਦੋਂ ਸ਼ੁਰੂ ਹੋਵੇਗੀ?

**Open Enrollment (ਖੁੱਲ੍ਹਾ ਨਾਮਾਂਕਣ):** 1 ਅਗਸਤ ਤੋਂ ਸ਼ੁਰੂ ਹੋਣ ਵਾਲੀ ਕਵਰੇਜ ਲਈ 20 ਜੁਲਾਈ ਤੱਕ ਐਪਲੀਕੇਸ਼ਨਾਂ ਜਾਂ ਤਬਦੀਲੀਆਂ ਜਮ੍ਹਾਂ ਕਰਾਓ।

**ਸ਼ੁਰੂਆਤੀ ਯੋਗਤਾ ਅਤੇ ਯੋਗ ਜੀਵਨ ਘਟਨਾਵਾਂ:** ਤੁਹਾਡੀ ਐਪਲੀਕੇਸ਼ਨ ਮਿਲਣ ਅਤੇ ਉਸ 'ਤੇ ਕਾਰਵਾਈ ਕੀਤੇ ਜਾਣ, ਜਿਸ ਵਿੱਚ ਤਕਰੀਬਨ 2 ਕੁ ਹਫ਼ਤੇ ਲੱਗਦੇ ਹਨ, ਤੋਂ ਬਾਅਦ ਮਹੀਨੇ ਦੀ ਪਹਿਲੀ ਤਰੀਕ ਤੋਂ ਕਵਰੇਜ ਸ਼ੁਰੂ ਹੋ ਜਾਂਦੀ ਹੈ। ਉਦਾਹਰਨ ਲਈ, ਜੇ ਤੁਹਾਡੀ ਪੂਰੀ ਕੀਤੀ ਹੋਈ ਐਪਲੀਕੇਸ਼ਨ:

- 15 ਮਾਰਚ ਤੱਕ ਮਿਲ ਜਾਂਦੀ ਹੈ, ਤਾਂ ਕਵਰੇਜ 1 ਅਪ੍ਰੈਲ ਤੋਂ ਸ਼ੁਰੂ ਹੋਵੇਗੀ।
- 16 - 31 ਮਾਰਚ ਤੱਕ ਮਿਲਦੀ ਹੈ, ਤਾਂ ਕਵਰੇਜ 1 ਮਈ ਤੋਂ ਸ਼ੁਰੂ ਹੋਵੇਗੀ।

**Coverage for Kids** (ਬੱਚਿਆਂ ਲਈ ਕਵਰੇਜ) ਉਦੋਂ ਤੱਕ ਸ਼ੁਰੂ ਨਹੀਂ ਹੋ ਸਕਦੀ ਜਦੋਂ ਤੱਕ ਤੁਹਾਡੇ ਨਿਰਭਰ ਵਿਅਕਤੀ ਦੀ ਤਸਦੀਕ ਪ੍ਰਾਪਤ ਨਹੀਂ ਹੋ ਜਾਂਦੀ ਅਤੇ ਉਸ 'ਤੇ ਕਾਰਵਾਈ ਨਹੀਂ ਹੋ ਜਾਂਦੀ।

## ਜੇ ਮੈਂ ਕਵਰੇਜ ਨੂੰ ਸਮਾਪਤ ਕਰਨਾ ਚਾਹਵਾਂ ਤਾਂ ਕੀ ਹੋਵੇਗਾ?

ਆਪਣੇ ਲਈ ਜਾਂ ਆਪਣੇ ਬੱਚਿਆਂ ਲਈ ਕਵਰੇਜ ਖਤਮ ਕਰਨ ਵਾਸਤੇ, ਇੱਕ Waive Coverage (ਕਵਰੇਜ ਤੋਂ ਛੋਟ) ਫ਼ਾਰਮ ਜਮ੍ਹਾਂ ਕਰੋ। ਜੇ ਛੋਟ:

- 15 ਤਰੀਕ ਤੱਕ ਪ੍ਰਾਪਤ ਹੁੰਦੀ ਹੈ ਤਾਂ ਕਵਰੇਜ ਅਗਲੇ ਮਹੀਨੇ ਦੀ 1 ਤਰੀਕ ਨੂੰ ਖਤਮ ਹੋ ਜਾਂਦੀ ਹੈ।
- 15 ਤਰੀਕ ਤੋਂ ਬਾਅਦ ਪ੍ਰਾਪਤ ਹੁੰਦੀ ਹੈ ਤਾਂ ਕਵਰੇਜ ਅਗਲੇ ਮਹੀਨੇ ਦੀ 1 ਤਰੀਕ ਨੂੰ ਖਤਮ ਹੋ ਜਾਂਦੀ ਹੈ।

**ਮਹੱਤਵਪੂਰਨ:** ਤੁਸੀਂ ਸਿਰਫ਼ Open Enrollment (ਖੁੱਲ੍ਹੇ ਨਾਮਾਂਕਣ) ਦੌਰਾਨ ਜਾਂ ਕਿਸੇ ਯੋਗਤਾ ਪੂਰੀ ਕਰਨ ਵਾਲੀ ਜੀਵਨ ਘਟਨਾ ਤੋਂ ਬਾਅਦ ਦੁਬਾਰਾ ਨਾਮਾਂਕਣ ਕਰਵਾ ਸਕਦੇ ਹੋ। ਵਰਤਮਾਨ ਸਾਲ ਦੀ 1 ਜੁਲਾਈ ਤੋਂ ਪਹਿਲਾਂ ਪ੍ਰਾਪਤ ਹੋਈਆਂ ਛੋਟਾਂ Open Enrollment (ਖੁੱਲ੍ਹੇ ਨਾਮਾਂਕਣ) ਦੌਰਾਨ ਰੀਸੈੱਟ ਕੀਤੀਆਂ ਜਾਂਦੀਆਂ ਹਨ। ਜੇ ਤੁਹਾਡੇ ਕੋਲ ਪਿਛਲੇ 12 ਮਹੀਨਿਆਂ ਵਿੱਚ ਕਵਰੇਜ ਸੀ, ਤਾਂ ਤੁਹਾਡਾ ਆਪਣੇ ਆਪ ਹੀ ਦੁਬਾਰਾ ਨਾਮਾਂਕਣ ਹੋ ਜਾਵੇਗਾ ਬਸ਼ਰਤੇ ਤੁਸੀਂ ਇੱਕ ਨਵਾਂ Waive Coverage (ਕਵਰੇਜ ਤੋਂ ਛੋਟ) ਫ਼ਾਰਮ ਜਮ੍ਹਾਂ ਕਰਾਇਆ ਹੋਵੇ।

## ਮੈਂ ਆਪਣੇ ਮਹੀਨੇਵਾਰ ਸਹਿ-ਪ੍ਰੀਮੀਅਮ ਦਾ ਭੁਗਤਾਨ ਕਿਵੇਂ ਕਰਾਂ?

ਤੁਹਾਡਾ ਐਂਪਲੌਇਅਰ ਤੁਹਾਡੀ ਤਨਖਾਹ ਵਿੱਚੋਂ ਤੁਹਾਡੀ ਮਹੀਨੇਵਾਰ ਸਹਿ-ਪ੍ਰੀਮੀਅਮ (ਉਹ ਰਕਮ ਜਿਸਦਾ ਭੁਗਤਾਨ ਤੁਸੀਂ ਹਰ ਮਹੀਨੇ ਕਰਦੇ ਹੋ) ਆਪਣੇ ਆਪ ਹੀ ਕੱਟ ਲਵੇਗਾ। ਜੇ ਤੁਹਾਡਾ ਐਂਪਲੌਇਅਰ ਕਟੌਤੀ ਕਰਨ ਦੇ ਯੋਗ ਨਹੀਂ ਹੈ, ਤਾਂ ਤੁਹਾਨੂੰ ਡਾਕ ਵਿੱਚ ਇੱਕ ਸਵੈ-ਭੁਗਤਾਨ ਚਿੱਠੀ ਮਿਲੇਗੀ ਅਤੇ ਤੁਹਾਨੂੰ ਈਮੇਲ ਰਾਹੀਂ ਆਪਣੇ ਸਹਿ-ਪ੍ਰੀਮੀਅਮ ਦਾ ਭੁਗਤਾਨ ਕਰਨ ਲਈ ਨਿਰਦੇਸ਼ ਦਿੱਤਾ ਜਾਵੇਗਾ। ਤੁਸੀਂ ਚੈੱਕ ਦੁਆਰਾ, ਜਾਂ ਆਪਣੇ ਔਨਲਾਈਨ ਹੈਲਥ ਬੈਨਿਫ਼ਿਟਸ ਖਾਤੇ ਦੀ ਵਰਤੋਂ ਕਰਕੇ ਭੁਗਤਾਨ ਕਰ ਸਕਦੇ ਹੋ।

**ਜੇ ਤੁਸੀਂ CDWA ਨਾਲ ਇੱਕ ਵਿਅਕਤੀਗਤ ਪ੍ਰਦਾਤਾ (Individual Provider, IP) ਹੋ**, ਤਾਂ ਤੁਹਾਡਾ ਪਹਿਲਾ ਮਹੀਨੇਵਾਰ ਭੁਗਤਾਨ ਇੱਕ ਸਵੈ-ਭੁਗਤਾਨ ਹੋਵੇਗਾ।

## ਜੇ ਮੈਂ ਕਵਰੇਜ ਗੁਆ ਬੈਠਦਾ/ਦੀ ਹਾਂ ਤਾਂ ਕੀ ਹੋਵੇਗਾ?

ਤੁਹਾਨੂੰ Ameriflex (1-877-606-6705) ਦੁਆਰਾ ਪ੍ਰਬੰਧਿਤ ਕੀਤੇ ਜਾਂਦੇ COBRA (Consolidated Omnibus Budget Reconciliation Act) ਬਾਰੇ ਜਾਣਕਾਰੀ ਪ੍ਰਾਪਤ ਹੋਵੇਗੀ। COBRA ਨਾਲ ਦੇਖਭਾਲ ਕਰਨ ਵਾਲਿਆਂ ਅਤੇ ਉਨ੍ਹਾਂ ਦੇ ਬੱਚਿਆਂ ਨੂੰ ਮਹੀਨੇਵਾਰ ਭੁਗਤਾਨ ਵਾਸਤੇ ਕਵਰੇਜ ਬਰਕਰਾਰ ਰੱਖਣ ਦੀ ਸਹੂਲਤ ਮਿਲਦੀ ਹੈ।

ਜੇ ਤੁਸੀਂ ਦੇਖਭਾਲ ਕਰਨੀ ਬੰਦ ਕਰ ਦਿੰਦੇ ਹੋ ਅਤੇ ਤੁਹਾਨੂੰ ਲੰਬੇ ਸਮੇਂ ਦੀ ਕਵਰੇਜ ਦੀ ਲੋੜ ਹੈ, ਤਾਂ ਮੁਫ਼ਤ Washington Apple Health ਵਾਸਤੇ ਯੋਗਤਾ ਚੈੱਕ ਕਰੋ ਜਾਂ **wahealthplanfinder.org** 'ਤੇ ਹੋਰਨਾਂ ਵਿਕਲਪਾਂ ਦਾ ਪਤਾ ਲਗਾਓ।

## ਮੇਰੇ ਦੁਆਰਾ ਕੰਮ ਕੀਤੇ ਘੰਟੇ ਮੇਰੀ ਕਵਰੇਜ ਉੱਪਰ ਕਿਵੇਂ ਅਸਰ ਪਾਉਂਦੇ ਹਨ?

ਜਦੋਂ ਤੁਹਾਡਾ ਕਵਰੇਜ ਵਿੱਚ ਨਾਮਾਂਕਣ ਹੋ ਜਾਂਦਾ ਹੈ, ਤਾਂ ਤੁਹਾਡੇ ਦੁਆਰਾ ਇੱਕ ਮਹੀਨੇ ਵਿੱਚ ਕੰਮ ਕੀਤੇ ਗਏ ਘੰਟੇ 2 ਮਹੀਨਿਆਂ ਬਾਅਦ ਤੁਹਾਡੀ ਕਵਰੇਜ ਦੀ ਸਥਿਤੀ ਨੂੰ ਨਿਰਧਾਰਤ ਕਰਦੇ ਹਨ। ਉਦਾਹਰਨ: ਜਨਵਰੀ ਦੇ ਘੰਟੇ ਮਾਰਚ ਵਿੱਚ ਕਵਰੇਜ ਨਿਰਧਾਰਤ ਕਰਦੇ ਹਨ।

| ਕੰਮ ਦਾ ਮਹੀਨਾ<br>ਇਸ ਮਹੀਨੇ ਵਿੱਚ ਤੁਹਾਡੇ ਵੇਤਨਕ ਘੰਟੇ: | | ਕਵਰੇਜ ਮਹੀਨਾ<br>ਇਸ ਮਹੀਨੇ ਦੀ ਕਵਰੇਜ ਦਾ ਪਤਾ ਲਗਾਓ: |
|---|---|---|
| ਜਨਵਰੀ | → | ਮਾਰਚ |
| ਫ਼ਰਵਰੀ | → | ਅਪ੍ਰੈਲ |
| ਮਾਰਚ | → | ਮਈ |
| ਅਪ੍ਰੈਲ | → | ਜੂਨ |
| ਮਈ | → | ਜੁਲਾਈ |
| ਜੂਨ | → | ਅਗਸਤ |
| ਜੁਲਾਈ | → | ਸਤੰਬਰ |
| ਅਗਸਤ | → | ਅਕਤੂਬਰ |
| ਸਤੰਬਰ | → | ਨਵੰਬਰ |
| ਅਕਤੂਬਰ | → | ਦਸੰਬਰ |
| ਨਵੰਬਰ | → | ਜਨਵਰੀ |
| ਦਸੰਬਰ | → | ਫ਼ਰਵਰੀ |

## ਆਪਣੀ ਕਵਰੇਜ ਨੂੰ ਬਣਾਈ ਰੱਖਣ ਵਾਸਤੇ ਵਧੇਰੇ ਘੰਟਿਆਂ ਲਈ ਕੰਮ ਕਰੋ।

ਜੇ ਤੁਸੀਂ ਇੱਕ ਵਿਅਕਤੀਗਤ ਪ੍ਰਦਾਤਾ (Individual Provider, IP) ਹੋ ਅਤੇ ਤੁਹਾਨੂੰ ਕਵਰੇਜ ਪ੍ਰਾਪਤ ਕਰਨ ਜਾਂ ਬਣਾਈ ਰੱਖਣ ਲਈ ਹੋਰ ਘੰਟਿਆਂ ਦੀ ਲੋੜ ਹੈ ਤਾਂ Carina ਅਜ਼ਮਾ ਕੇ ਦੇਖੋ, ਜੋ ਢੁਕਵੀਂ ਨੌਕਰੀ ਲਭਾਉਣ ਵਾਲੀ ਮੁਫ਼ਤ ਵੈੱਬਸਾਈਟ ਹੈ ਅਤੇ ਇਹ ਹੋਰ ਗਾਹਕਾਂ ਨੂੰ ਲੱਭਣ ਵਿੱਚ ਤੁਹਾਡੀ ਮਦਦ ਕਰਦੀ ਹੈ। ਹੋਰ ਜਾਣਕਾਰੀ ਇੱਥੋਂ ਲਓ **myseiu.be/carina**।

CARINA



# ਤੁਹਾਡੀ ਹੈਲਥਕੇਅਰ ਕਵਰੇਜ

ਜਦੋਂ ਤੁਹਾਨੂੰ ਕਵਰੇਜ ਮਿਲ ਜਾਂਦੀ ਹੈ, ਤਾਂ ਤੁਹਾਨੂੰ ਹੈਲਥਕੇਅਰ ਕਵਰੇਜ ਨੂੰ ਨਿਰੰਤਰ ਕਾਇਮ ਰੱਖਣ ਲਈ ਇਹ ਕੰਮ ਕਰਨੇ ਪੈਣਗੇ।

### ਆਪਣੇ ਲੋੜੀਂਦੇ ਘੰਟਿਆਂ ਲਈ ਕੰਮ ਕਰੋ।

**ਵਿਅਕਤੀਗਤ ਕਵਰੇਜ**: ਆਪਣੀ ਕਵਰੇਜ ਨੂੰ ਕਾਇਮ ਰੱਖਣ ਲਈ ਤੁਹਾਨੂੰ ਇੱਕ ਮਹੀਨੇ ਵਿੱਚ 80 ਜਾਂ ਇਸਤੋਂ ਵੱਧ ਵੇਤਨਕ ਘੰਟਿਆਂ ਲਈ ਕੰਮ ਕਰਨਾ ਪਵੇਗਾ।

**Coverage for Kids (ਬੱਚਿਆਂ ਲਈ ਕਵਰੇਜ):** ਨਿਰਭਰ ਵਿਅਕਤੀਆਂ ਦੀ ਕਵਰੇਜ ਨੂੰ ਕਾਇਮ ਰੱਖਣ ਲਈ ਤੁਹਾਨੂੰ ਇੱਕ ਮਹੀਨੇ ਵਿੱਚ 120 ਜਾਂ ਇਸਤੋਂ ਵੱਧ ਵੇਤਨਕ ਘੰਟਿਆਂ ਲਈ ਕੰਮ ਕਰਨਾ ਪਵੇਗਾ

ਜੇ ਤੁਹਾਡੇ ਘੰਟੇ 120 ਤੋਂ ਘੱਟ ਜਾਂਦੇ ਹਨ, ਪਰ 80 ਤੋਂ ਉੱਪਰ ਰਹਿੰਦੇ ਹਨ, ਤਾਂ ਤੁਸੀਂ Coverage for Kids (ਬੱਚਿਆਂ ਲਈ ਕਵਰੇਜ) ਗੁਆ ਬੈਠੋਗੇ ਪਰ ਤੁਹਾਡੀ ਆਪਣੀ ਕਵਰੇਜ ਜਾਰੀ ਰਹੇਗੀ।

### ਆਪਣੇ ਘੰਟਿਆਂ ਦੀ ਸਮੇਂ ਸਿਰ ਰਿਪੋਰਟ ਕਰੋ।

ਜੇ ਤੁਸੀਂ ਸਮੇਂ ਸਿਰ ਆਪਣੇ ਕੰਮ ਦੇ ਘੰਟਿਆਂ ਦੀ ਰਿਪੋਰਟ ਨਹੀਂ ਕਰਦੇ ਹੋ ਤਾਂ ਤੁਸੀਂ ਆਪਣਾ ਕਵਰੇਜ ਗੁਆ ਬੈਠੋਗੇ।

ਤੁਹਾਨੂੰ ਦੇਰ ਤੱਕ ਕੰਮ ਕੀਤੇ ਘੰਟਿਆਂ ਜਾਂ ਅਡਜਸਟਮੈਂਟ ਨੂੰ, ਕੰਮ ਕੀਤੇ ਮਹੀਨੇ ਦੇ 60 ਦਿਨਾਂ ਦੇ ਅੰਦਰ-ਅੰਦਰ ਜਮ੍ਹਾਂ ਕਰਾਉਣਾ ਪਵੇਗਾ।

### ਆਪਣੀ ਪੂਰੀ ਮਹੀਨੇਵਾਰ ਸਹਿ-ਪ੍ਰੀਮੀਅਮ ਕਟੌਤੀ ਦਾ ਭੁਗਤਾਨ ਕਰੋ।

ਵਧੇਰੇ ਜਾਣਕਾਰੀ ਵਾਸਤੇ ਪਿਛਲਾ ਪੰਨਾ ਦੇਖੋ।

### ਆਪਣੀ ਕਵਰੇਜ ਨੂੰ ਬਰਕਰਾਰ ਰੱਖਣ ਬਾਰੇ ਵਧੇਰੇ ਜਾਣਕਾਰੀ ਇੱਥੋਂ ਲਓ

**myseiu.be/maintain**

ਇਸ ਬਾਰੇ ਉਦਾਹਰਣਾਂ ਦੇਖੋ ਕਿ ਜਦੋਂ ਤੁਸੀਂ Coverage Reliability (ਕਵਰੇਜ ਭਰੋਸੇਯੋਗਤਾ) ਕ੍ਰੈਡਿਟਾਂ ਦੇ ਨਾਲ ਅਤੇ ਇਸਤੋਂ ਬਿਨਾਂ ਆਪਣੇ ਲੋੜੀਂਦੇ ਘੰਟੇ ਕੰਮ ਨਹੀਂ ਕਰ ਸਕਦੇ ਹੋ ਤਾਂ ਕੀ ਹੁੰਦਾ ਹੈ।

**ਨਵਾਂ ਬੈਨਿਫ਼ਿਟ!**

# Coverage Reliability (ਕਵਰੇਜ ਭਰੋਸੇਯੋਗਤਾ)

ਅਨਿਯਮਿਤ ਜਾਂ ਬੇਤਰਤੀਬੇ ਸ਼ਡਿਊਲਾਂ ਨਾਲ ਕੰਮ ਦੇ ਲੋੜੀਂਦੇ ਘੰਟਿਆਂ ਨੂੰ ਪੂਰਾ ਕਰਨਾ ਮੁਸ਼ਕਲ ਹੋ ਸਕਦਾ ਹੈ। Coverage Reliability (ਕਵਰੇਜ ਭਰੋਸੇਯੋਗਤਾ) ਬੈਨਿਫ਼ਿਟ ਨਿਰੰਤਰ ਹੈਲਥਕੇਅਰ ਕਵਰੇਜ ਨੂੰ ਯਕੀਨੀ ਬਣਾਉਣ ਵਿੱਚ ਮਦਦ ਕਰਦਾ ਹੈ, ਉਦੋਂ ਵੀ ਜਦੋਂ ਤੁਸੀਂ ਯੋਜਨਾ ਅਨੁਸਾਰ ਕੰਮ ਕਰਨ ਦੇ ਯੋਗ ਨਾ ਹੋਵੋ।

## Coverage Reliability (ਕਵਰੇਜ ਭਰੋਸੇਯੋਗਤਾ) ਕਿਵੇਂ ਕੰਮ ਕਰਦੀ ਹੈ:

- ਤੁਹਾਨੂੰ **ਪ੍ਰਤੀ ਕਵਰੇਜ ਸਾਲ 2 ਕ੍ਰੈਡਿਟ** (ਅਗਸਤ-ਜੁਲਾਈ) ਮਿਲਦੇ ਹਨ।
- ਜੇ ਤੁਸੀਂ ਕੰਮ ਦੇ ਲੋੜੀਂਦੇ ਘੰਟਿਆਂ ਨੂੰ ਪੂਰਾ ਨਹੀਂ ਕਰਦੇ ਹੋ ਤਾਂ ਹਰ ਕ੍ਰੈਡਿਟ **1 ਮਹੀਨੇ ਲਈ ਕਵਰੇਜ ਨੂੰ ਵਧਾ** ਦਿੰਦਾ ਹੈ। ਕ੍ਰੈਡਿਟ ਤੁਹਾਡੀ ਅਤੇ ਤੁਹਾਡੇ ਨਿਰਭਰ ਵਿਅਕਤੀਆਂ, ਦੋਵਾਂ ਦੀ ਕਵਰੇਜ ਨੂੰ ਕਵਰ ਕਰਦਾ ਹੈ।
- **ਕ੍ਰੈਡਿਟ ਆਪਣੇ ਆਪ ਲਾਗੂ ਹੋ ਜਾਂਦੇ ਹਨ**—ਤੁਹਾਨੂੰ ਕੁਝ ਵੀ ਕਰਨ ਦੀ ਲੋੜ ਨਹੀਂ ਹੁੰਦੀ।
- ਤੁਸੀਂ ਆਪਣੇ ਹੈਲਥ ਬੈਨਿਫ਼ਿਟਸ ਖਾਤੇ ਵਿੱਚ ਲੌਗਇਨ ਕਰਕੇ ਕਿਸੇ ਵੀ ਸਮੇਂ **ਆਪਣਾ ਕ੍ਰੈਡਿਟ ਬੈਲੇਂਸ ਚੈੱਕ** ਕਰ ਸਕਦੇ ਹੋ।

## ਅਕਸਰ ਪੁੱਛੇ ਜਾਣ ਵਾਲੇ ਸਵਾਲ:

**ਮੇਰੇ ਕ੍ਰੈਡਿਟ ਕਦੋਂ ਰੀਸੈੱਟ ਹੁੰਦੇ ਹਨ?**
ਤੁਹਾਡੇ 2 ਕ੍ਰੈਡਿਟ ਹਰ ਸਾਲ 1 ਅਗਸਤ ਨੂੰ ਰੀਸੈੱਟ ਹੁੰਦੇ ਹਨ। ਇਹ ਤੁਹਾਡੇ ਦੁਆਰਾ ਨਾਮਾਂਕਣ ਕਰਦਿਆਂ ਹੀ ਉਪਲਬਧ ਹੋ ਜਾਂਦੇ ਹਨ।

**ਕੀ ਅਣਵਰਤੇ ਕ੍ਰੈਡਿਟ ਅਗਲੇ ਸਾਲ ਵਿੱਚ ਲਿਜਾਏ ਜਾਂਦੇ ਹਨ?**
ਜੀ ਨਹੀਂ। ਹਰ ਸਾਲ 1 ਅਗਸਤ ਨੂੰ, ਤੁਹਾਨੂੰ 2 ਨਵੇਂ ਕ੍ਰੈਡਿਟ ਮਿਲਦੇ ਹਨ। ਨਾ ਵਰਤੇ ਗਏ ਕ੍ਰੈਡਿਟ ਅੱਗੇ ਨਹੀਂ ਲਿਜਾਏ ਜਾਂਦੇ।

**ਕੀ ਮੈਂ ਆਪਣੇ ਕ੍ਰੈਡਿਟਾਂ ਦੀ ਵਰਤੋਂ ਇੱਕ ਦੇ ਬਾਅਦ ਇੱਕ ਮਹੀਨਿਆਂ ਲਈ ਕਰ ਸਕਦਾ/ਸਕਦੀ ਹਾਂ?**
ਜੀ ਨਹੀਂ, ਤੁਸੀਂ ਲਗਾਤਾਰ 2 ਮਹੀਨਿਆਂ ਲਈ ਕ੍ਰੈਡਿਟ ਨਹੀਂ ਵਰਤ ਸਕਦੇ ਹੋ।

**ਜੇ ਮੈਂ ਵਿਅਕਤੀਗਤ ਕਵਰੇਜ ਲਈ ਲੋੜੀਂਦੇ ਘੰਟਿਆਂ ਲਈ ਕੰਮ ਕਰਾਂ, ਪਰ Coverage for Kids (ਬੱਚਿਆਂ ਲਈ ਕਵਰੇਜ) ਲਈ ਲੋੜੀਂਦਾ ਕੰਮ ਨਾ ਕਰਾਂ ਤਾਂ ਕੀ ਹੋਵੇਗਾ?**
ਇਸ ਸਥਿਤੀ ਵਿੱਚ, ਉਸ ਮਹੀਨੇ ਲਈ ਤੁਹਾਡੇ ਬੱਚਿਆਂ ਦੀ ਕਵਰੇਜ ਵਧਾਉਣ ਵਾਸਤੇ 1 ਕ੍ਰੈਡਿਟ ਲਾਗੂ ਕੀਤਾ ਜਾਵੇਗਾ।

**ਜੇ ਮੈਂ ਕ੍ਰੈਡਿਟ ਦੀ ਵਰਤੋਂ ਕਰਦਾ/ਕਰਦੀ ਹਾਂ, ਤਾਂ ਕੀ ਮੈਨੂੰ ਅਜੇ ਵੀ ਆਪਣੇ ਮਹੀਨੇਵਾਰ ਸਹਿ-ਪ੍ਰੀਮੀਅਮ ਦਾ ਭੁਗਤਾਨ ਕਰਨਾ ਪਵੇਗਾ?**
ਜੀ ਹਾਂ, ਤੁਸੀਂ ਅਜੇ ਵੀ ਉਸ ਮਹੀਨੇ ਲਈ ਆਪਣੇ ਸਹਿ-ਪ੍ਰੀਮੀਅਮ ਵਾਸਤੇ ਜ਼ਿੰਮੇਵਾਰ ਹੁੰਦੇ ਹੋ। ਸਹਿ-ਪ੍ਰੀਮੀਅਮਾਂ ਬਾਰੇ ਵਧੇਰੇ ਜਾਣਕਾਰੀ ਲਈ ਪੰਨਾ 9 ਦੇਖੋ।

SEIU 775
BENEFITS GROUP

**ਹੈਲਥ ਬੈਨਿਫ਼ਿਟਸ**

# ਗਾਹਕ ਸੇਵਾ

## ਕਵਰੇਜ, ਯੋਗਤਾ, ਅਪਲਾਈ ਕਰਨ ਬਾਰੇ ਸਵਾਲਾਂ ਅਤੇ ਹੋਰ ਬਹੁਤ ਕੁਝ ਵਿੱਚ ਮਦਦ ਪ੍ਰਾਪਤ ਕਰੋ।

ਗਾਹਕ ਸੇਵਾ ਸੋਮਵਾਰ-ਸ਼ੁੱਕਰਵਾਰ, ਸਵੇਰੇ 8 ਵਜੇ ਤੋਂ ਸ਼ਾਮ 6 ਵਜੇ ਤੱਕ ਉਪਲਬਧ ਹੁੰਦੀ ਹੈ।

**1-877-606-6705**
ਭਾਸ਼ਾ ਵਿੱਚ ਸਹਿਯੋਗ ਉਪਲਬਧ ਹੈ।

### ਲਾਈਵ ਚੈਟ ਸਹਿਯੋਗ

ਚੈਟ ਵਿੱਚ ਸਹਿਯੋਗ ਵਾਸਤੇ **myseiu.be/magnacare** 'ਤੇ ਲੌਗ ਇਨ ਕਰੋ।

**SEIU775BG-caregiver@magnacare.com**
ਕਾਰੋਬਾਰੀ ਘੰਟਿਆਂ ਦੌਰਾਨ ਗਾਹਕ ਸੇਵਾ ਨਾਲ ਸੰਪਰਕ ਨਹੀਂ ਕਰ ਪਾ ਰਹੇ ਹੋ?
ਈਮੇਲ ਕਰੋ ਅਤੇ 2 ਕਾਰੋਬਾਰੀ ਦਿਨਾਂ ਦੇ ਅੰਦਰ ਜਵਾਬ ਪ੍ਰਾਪਤ ਕਰੋ।



## ਵਾਧੂ ਸਰੋਤ

### ਬੀਮੇ ਸਬੰਧੀ ਆਮ ਸ਼ਬਦ

ਸਿਹਤ ਬੀਮੇ ਸਬੰਧੀ ਆਮ ਸ਼ਬਦਾਂ ਦੀਆਂ ਪਰਿਭਾਸ਼ਾਵਾਂ ਸਿੱਖ ਕੇ ਆਪਣੀ ਕਵਰੇਜ ਨੂੰ ਜ਼ਿਆਦਾ ਵਧੀਆ ਤਰੀਕੇ ਨਾਲ ਸਮਝੋ।

**myseiu.be/hc-terms**

### Coverage for Kids (ਬੱਚਿਆਂ ਲਈ ਕਵਰੇਜ)

Coverage for Kids (ਬੱਚਿਆਂ ਲਈ ਕਵਰੇਜ) ਵਾਸਤੇ ਕਿਵੇਂ ਅਪਲਾਈ ਕਰਨਾ ਹੈ ਅਤੇ ਤੁਹਾਡੀ ਐਪਲੀਕੇਸ਼ਨ ਨੂੰ ਪੂਰਾ ਕਰਨ ਲਈ ਕਿਹੜੇ ਦਸਤਾਵੇਜ਼ਾਂ ਦੀ ਲੋੜ ਹੈ, ਇਸ ਬਾਰੇ ਜਾਣੋ।

**myseiu.be/cfk**

### ਆਪਣੀ ਕਵਰੇਜ ਦੀ ਵਰਤੋਂ ਕਰੋ

ਜਦੋਂ ਤੁਹਾਨੂੰ ਕਵਰੇਜ ਮਿਲ ਜਾਂਦੀ ਹੈ ਤਾਂ ਆਪਣੀ ਤੰਦਰੁਸਤੀ ਵਿੱਚ ਮਦਦ ਲਈ ਆਪਣੇ ਬੈਨਿਫ਼ਿਟਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ ਬਾਰੇ ਸੁਝਾਅ ਪ੍ਰਾਪਤ ਕਰੋ।

**myseiu.be/covered**

SEIU 775
BENEFITS GROUP

## 2025-2026 ਹੈਲਥਕੇਅਰ ਕਵਰੇਜ

# ਪਲਾਨ ਦੇ ਵੇਰਵਿਆਂ ਬਾਰੇ ਕਿਤਾਬਚਾ

**ਇਸ ਕਿਤਾਬਚੇ ਵਿੱਚ ਆਪਣੀ ਹੈਲਥਕੇਅਰ ਕਵਰੇਜ ਨੂੰ ਸਮਝਣ ਵਿੱਚ ਤੁਹਾਡੀ ਮਦਦ ਵਾਸਤੇ ਮਹੱਤਵਪੂਰਨ ਦਸਤਾਵੇਜ਼ ਸ਼ਾਮਲ ਹਨ:**

**ਮਹੱਤਵਪੂਰਨ ਸੋਧਾਂ ਦਾ ਸਾਰ (SMM):**
1 ਅਗਸਤ 2025 ਤੋਂ ਤੁਹਾਡੇ ਪਲਾਨ ਵਿੱਚ ਕਿਸੇ ਵੀ ਅੱਪਡੇਟ ਜਾਂ ਤਬਦੀਲੀਆਂ ਨੂੰ ਸੂਚੀਬੱਧ ਕਰਦਾ ਹੈ।

**ਮੈਡੀਕਲ ਅਤੇ ਡੈਂਟਲ ਪਲਾਨ ਦੀ ਝਲਕ:**
SEIU 775 Benefits Group ਦੁਆਰਾ ਤਿਆਰ ਕੀਤੇ ਗਏ, ਤੁਹਾਡੇ ਮੈਡੀਕਲ ਪਲਾਨ ਅਤੇ ਦੰਦਾਂ ਦੇ ਵਿਕਲਪਾਂ ਬਾਰੇ ਤੇਜ਼, ਅਸਾਨੀ ਨਾਲ ਪੜ੍ਹਨਯੋਗ ਸੰਖੇਪ ਜਾਣਕਾਰੀ।

**ਬੈਨਿਫ਼ਿਟਾਂ ਅਤੇ ਕਵਰੇਜ ਬਾਰੇ ਸੰਖੇਪ ਜਾਣਕਾਰੀ (SBC):**
ਤੁਹਾਡੇ ਪਲਾਨ ਦੀ ਵਿਸਤਾਰਸਹਿਤ ਵਿਆਖਿਆ, ਜਿਸ ਵਿੱਚ ਇਹ ਸ਼ਾਮਲ ਹਨ:

- ਆਮ ਡਾਕਟਰੀ ਲੋੜਾਂ ਅਤੇ ਪ੍ਰਿਸਕ੍ਰਿਪਸ਼ਨਾਂ (ਜਿਵੇਂ ਕਿ ਡਾਕਟਰ ਨਾਲ ਮੁਲਾਕਾਤਾਂ, ਲੈਬਾਂ, ਡਾਇਬੀਟੀਜ਼ ਦੀ ਦੇਖਭਾਲ, ਵਗੈਰਾ) ਨੂੰ ਕਿਵੇਂ ਕਵਰ ਕੀਤਾ ਜਾਂਦਾ ਹੈ।
- ਤੁਸੀਂ ਕਿੰਨਾ ਭੁਗਤਾਨ ਕਰਦੇ ਹੋ ਅਤੇ ਪਲਾਨ ਕਿੰਨਾ ਭੁਗਤਾਨ ਕਰਦਾ ਹੈ (ਕਟੌਤੀਯੋਗ, ਸਹਿ-ਭੁਗਤਾਨ, ਸਹਿ-ਬੀਮਾ)।
- ਇਸ ਵਿੱਚ ਕੀ ਕੁਝ ਸ਼ਾਮਲ ਹੈ—ਅਤੇ ਕੀ ਨਹੀਂ ਹੈ (ਕਵਰੇਜ ਦੀਆਂ ਸੀਮਾਵਾਂ ਜਾਂ ਇਸਤੋਂ ਬਾਹਰ ਰੱਖੀਆਂ ਚੀਜ਼ਾਂ)।

**ਪਲਾਨ ਦੇ ਸਰੋਤ:**
ਨਾਮਾਂਕਣ ਕਰਾਉਣ ਤੋਂ ਬਾਅਦ ਵਰਤਣ ਲਈ ਸੰਪਰਕ ਨੰਬਰ ਅਤੇ ਵੈੱਬਸਾਈਟਾਂ।

**ਤੁਸੀਂ Kaiser Permanente Northwest ਮੈਡੀਕਲ ਪਲਾਨ ਦੇ ਲਈ ਯੋਗ ਹੋ। ਇਹ ਪਲਾਨ 1 ਅਗਸਤ 2025 ਤੋਂ 31 ਜੁਲਾਈ 2026 ਤੱਕ ਲਾਗੂ ਰਹੇਗਾ।**

SBC, SMM ਜਾਂ ਕਵਰੇਜ ਸਬੰਧੀ ਹੋਰ ਸਵਾਲਾਂ ਬਾਰੇ ਵਧੇਰੇ ਜਾਣਕਾਰੀ ਲਈ, ਕਿਰਪਾ ਕਰਕੇ ਹੈਲਥ ਬੈਨਿਫ਼ਿਟਸ ਗਾਹਕ ਸੇਵਾ ਨਾਲ ਇੱਥੇ ਸੰਪਰਕ ਕਰੋ:

**1-877-606-6705**
ਸੋਮਵਾਰ – ਸ਼ੁੱਕਰਵਾਰ, ਸਵੇਰੇ 8:00 ਵਜੇ – ਸ਼ਾਮ 6:00 ਵਜੇ ਪੈਸਿਫ਼ਿਕ ਸਮੇਂ ਅਨੁਸਾਰ

**SEIU775BG-caregiver@magnacare.com**



**Maila C.**
**ਦੇਖਭਾਲਕਰਤਾ, Seattle**

# ਮਹੱਤਵਪੂਰਨ ਸੋਧਾਂ ਦਾ ਸਾਰ

## Consumer Direct of Washington (CDWA) ਦੇ ਵਿਅਕਤੀਗਤ ਪ੍ਰਦਾਤਾਵਾਂ (IPs) ਅਤੇ ਏਜੰਸੀ ਪ੍ਰਦਾਤਾਵਾਂ (APs) ਲਈ SEIU Healthcare NW Health Benefits Trust ਰਾਹੀਂ ਮੁਹੱਈਆ ਕੀਤੀ ਜਾਂਦੀ ਸਿਹਤ ਬੀਮਾ ਕਵਰੇਜ ਲਈ

**ਮਹੱਤਵਪੂਰਨ ਸੋਧਾਂ ਦਾ ਇਹ ਸਾਰ ("SMM") Core Plan ਸਿਹਤ ਬੀਮਾ ਕਵਰੇਜ ("ਪਲਾਨ") ਦੇ ਲਈ, 1 ਅਗਸਤ 2025 ਤੱਕ ਪਲਾਨ ਦਾ ਵਰਣਨ ਕਰਨ ਵਾਲੇ, ਸੰਖੇਪ ਯੋਜਨਾ ਵਰਣਨ ("SPD") ਵਿੱਚ ਮੌਜੂਦ ਕੁਝ ਜਾਣਕਾਰੀ ਵਿੱਚ ਸੋਧਾਂ ਕਰਦਾ ਹੈ।**

1 ਅਗਸਤ 2025 ਤੋਂ ਲਾਗੂ ਹੋਣ ਵਾਲੇ, ਪਲਾਨ ਦੇ ਬੈਨਿਫ਼ਿਟ ਅਤੇ ਹੈਲਥਕੇਅਰ ਕਵਰੇਜ ਲਈ ਯੋਗਤਾ ਨਿਯਮ ਬਦਲ ਜਾਣਗੇ। APs ਅਤੇ IPs ਨੂੰ ਬੈਨਿਫ਼ਿਟਾਂ ਵਿੱਚ ਹੇਠਾਂ ਦੱਸੇ ਵਾਧਿਆਂ ਬਾਰੇ ਪਤਾ ਹੋਣਾ ਚਾਹੀਦਾ ਹੈ:

**Coverage Reliability (ਕਵਰੇਜ ਭਰੋਸੇਯੋਗਤਾ)** ਦੇਖਭਾਲ ਕਰਨ ਵਾਲਿਆਂ ਨੂੰ ਪ੍ਰਤੀ ਸਾਲ 2 ਕ੍ਰੈਡਿਟ ਪ੍ਰਦਾਨ ਕਰਦੀ ਹੈ। ਜੇ ਤੁਸੀਂ ਕੰਮ ਦੇ ਲੋੜੀਂਦੇ ਘੰਟਿਆਂ ਨੂੰ ਪੂਰਾ ਨਹੀਂ ਕਰਦੇ ਹੋ ਤਾਂ ਹਰ ਕ੍ਰੈਡਿਟ—ਤੁਹਾਡੇ ਅਤੇ ਤੁਹਾਡੇ ਨਿਰਭਰ ਵਿਅਕਤੀਆਂ ਲਈ ਨਿਰੰਤਰ ਕਵਰੇਜ ਮੁਹੱਈਆ ਕਰਦੇ ਹੋਏ ਹੈਲਥਕੇਅਰ ਕਵਰੇਜ ਨੂੰ 1 ਮਹੀਨੇ ਲਈ ਵਧਾ ਦਿੰਦਾ ਹੈ।

**Progyny ਦੁਆਰਾ ਦਿੱਤਾ ਜਾਂਦਾ $15,000 ਦਾ ਗੋਦ ਲੈਣ ਸਬੰਧੀ ਲਾਈਫ਼ਟਾਈਮ ਬੈਨਿਫ਼ਿਟ।**

**ਹੇਠ ਦੱਸਿਆਂ ਲਈ ਪ੍ਰਿਸਕ੍ਰਿਪਸ਼ਨ ਦੀਆਂ ਘਟੀਆਂ ਹੋਈਆਂ ਸਾਂਝੀਆਂ ਕੀਮਤਾਂ:**

- ਇਨਹੇਲਰ ਅਤੇ EPI ਪੈੱਨ।
- HIV ਨਾਲ ਸੰਪਰਕ ਵਿੱਚ ਆਉਣ ਤੋਂ ਬਾਅਦ ਦੀਆਂ ਦਵਾਈਆਂ ਅਤੇ ਥੈਰੇਪੀਆਂ ਦੀ 1 ਖੁਰਾਕ ਘਟਾ ਕੇ $0 ਕਰ ਦਿੱਤੀ ਜਾਵੇਗੀ।

**ਜੇ ਤੁਸੀਂ Aetna ਕਵਰੇਜ ਵਿੱਚ ਨਾਮਾਂਕਿਤ ਹੋ, ਤਾਂ ਤੁਸੀਂ ਹੁਣ ਵਿਸਤ੍ਰਿਤ ਲਿੰਗ-ਪੁਸ਼ਟੀਕਰਨ ਸਬੰਧੀ ਦੇਖਭਾਲ ਤੱਕ ਪਹੁੰਚ ਕਰ ਸਕਦੇ ਹੋ:**

- ਦੂਜੇ-ਟੀਅਰ ਦੀਆਂ ਡਾਕਟਰੀ ਲੋੜਾਂ ਲਈ ਕਾਗਜ਼ੀ ਲੋੜਾਂ ਨੂੰ ਖਤਮ ਕਰ ਦਿੱਤਾ ਗਿਆ ਹੈ।
- ਅਵਾਜ਼ ਵਿੱਚ ਸੁਧਾਰ (ਵੌਇਸ ਮੋਡੀਫਿਕੇਸ਼ਨ) ਥੈਰੇਪੀ ਅਤੇ ਸਰੀਰ ਨੂੰ ਮੁੜ ਅਕਾਰ ਦੇਣ ਵਾਲੀਆਂ ਪ੍ਰਕਿਰਿਆਵਾਂ ਹੁਣ ਉਪਲਬਧ ਹਨ।

ਇਨ੍ਹਾਂ ਤਬਦੀਲੀਆਂ ਬਾਰੇ ਅੱਗੇ ਹੋਰ ਜਾਣਕਾਰੀ ਲਈ, ਕਿਰਪਾ ਕਰਕੇ ਗਾਹਕ ਸੇਵਾ ਨਾਲ ਸੋਮਵਾਰ ਤੋਂ ਸ਼ੁੱਕਰਵਾਰ, ਸਵੇਰੇ 8:00 – ਸ਼ਾਮ 6:00 ਵਜੇ ਤੱਕ 1-877-606-6705 'ਤੇ ਸੰਪਰਕ ਕਰੋ ਜਾਂ SEIU775BG-caregiver@magnacare.com 'ਤੇ ਈਮੇਲ ਕਰੋ।

SEIU 775
BENEFITS GROUP

2025-2026 ਹੈਲਥਕੇਅਰ ਕਵਰੇਜ

# ਮੈਡੀਕਲ ਅਤੇ ਡੈਂਟਲ ਪਲਾਨ ਦੀ ਝਲਕ

**SEIU 775 Benefits Group ਦੁਆਰਾ ਤਿਆਰ ਕੀਤੀ ਗਈ, ਤੁਹਾਡੀ ਮੈਡੀਕਲ ਯੋਜਨਾ ਅਤੇ ਦੰਦਾਂ ਦੇ ਵਿਕਲਪਾਂ ਦੀ ਤੇਜ਼, ਅਸਾਨੀ ਨਾਲ ਪੜ੍ਹਨਯੋਗ ਸੰਖੇਪ ਜਾਣਕਾਰੀ।**



Alyssa E.
ਦੇਖਭਾਲਕਰਤਾ, Mount Vernon

SEIU 775 BENEFITS GROUP

KAISER PERMANENTE

# ਪੂਰੀ ਤਰ੍ਹਾਂ ਬੀਮਾਕ੍ਰਿਤ HMO ਪਲਾਨ ਦੀ ਝਲਕ

**ਲਾਗੂ ਹੋਣ ਦੀ ਮਿਤੀ 8/1/2025**

ਇਹ SEIU 775 Benefits Group ਦੁਆਰਾ ਪ੍ਰਦਾਨ ਕੀਤੇ ਜਾਂਦੇ ਬੈਨਿਫ਼ਿਟਾਂ ਦੀ ਸੰਖੇਪ ਜਾਣਕਾਰੀ ਹੈ। ਇਹ ਕਵਰੇਜ ਦਾ ਕੋਈ ਇਕਰਾਰਨਾਮਾ ਜਾਂ ਸਰਟੀਫਿਕੇਟ ਨਹੀਂ ਹੈ। ਸਾਰੇ ਲਾਭਾਂ ਦੇ ਵਰਣਨ, ਜਿਸ ਵਿੱਚ ਵਿਕਲਪਕ ਦੇਖਭਾਲ ਵੀ ਸ਼ਾਮਲ ਹੈ, ਮੈਡੀਕਲ ਤੌਰ 'ਤੇ ਜ਼ਰੂਰੀ ਸੇਵਾਵਾਂ ਲਈ ਹਨ। ਮੈਂਬਰ ਤੋਂ ਕਵਰ ਕੀਤੀ ਜਾਂਦੀ ਸੇਵਾ ਲਈ ਲਾਗਤ ਦੇ ਹਿੱਸੇ ਜਾਂ ਉਸ ਸੇਵਾ ਲਈ ਅਸਲ ਖ਼ਰਚੇ ਵਿੱਚੋਂ ਜੋ ਵੀ ਘੱਟ ਹੋਵੇਗਾ, ਓਨਾ ਹੀ ਲਿਆ ਜਾਵੇਗਾ। ਸੀਮਾਵਾਂ ਸਮੇਤ, ਪੂਰੀ ਕਵਰੇਜ ਵਿਵਸਥਾਵਾਂ ਲਈ, ਕਿਰਪਾ ਕਰਕੇ ਆਪਣੇ ਕਵਰੇਜ ਸਰਟੀਫਿਕੇਟ ਨੂੰ ਦੇਖੋ।

| **ਇਨ-ਨੈੱਟਵਰਕ ਕਵਰੇਜ** | |
|---|---|
| **ਆਊਟ-ਆਫ਼-ਪਾਕੇਟ ਅਧਿਕਤਮ** | |
| ਇੱਕ ਮੈਂਬਰ ਲਈ | $1,250 |
| ਪੂਰੇ ਪਰਿਵਾਰ ਲਈ | $2,500 |
| ਕਟੌਤੀਯੋਗ | $0 |
| **ਦਫ਼ਤਰ ਦੇ ਦੌਰੇ** | |
| ਨਿਯਮਤ ਰੋਕਥਾਮ ਸਰੀਰਕ ਜਾਂਚ | $0 |
| ਮੁਢਲੀ ਦੇਖਭਾਲ | $0 |
| ਵਿਸ਼ੇਸ਼ ਦੇਖਭਾਲ | $15 |
| ਜ਼ਰੂਰੀ ਸੰਭਾਲ | $30 |
| **ਜਾਂਚਾਂ** | |
| ਰੋਕਥਾਮ ਜਾਂਚਾਂ | $0 |
| ਲੈਬਾਰਟਰੀ | $0 |
| ਐਕਸ-ਰੇ, ਇਮੇਜਿੰਗ ਅਤੇ ਵਿਸ਼ੇਸ਼ ਡਾਇਗਨੌਸਟਿਕ ਪ੍ਰਕਿਰਿਆਵਾਂ | $0 |
| CT, MRI, PET ਸਕੈਨਾਂ | $50 ਪ੍ਰਤੀ ਡਿਪਾਰਟਮੈਂਟ ਦੌਰਾ। ਕੁਝ ਸੇਵਾਵਾਂ ਵਿੱਚ ਪੂਰਵ ਅਧਿਕਾਰ ਦੀ ਜ਼ਰੂਰਤ ਹੋ ਸਕਦੀ ਹੈ। |
| **ਦਵਾਈਆਂ (ਆਊਟਪੇਸ਼ੈਂਟ)** | |
| ਤਜਵੀਜ਼ ਕੀਤੀਆਂ ਦਵਾਈਆਂ (30 ਦਿਨਾਂ ਦੀ ਸਪਲਾਈ ਤੱਕ) | $5 ਜੈਨਰਿਕ/$25 ਤਰਜੀਹੀ ਬ੍ਰਾਂਡ/$50 ਗੈਰ-ਤਰਜੀਹੀ ਬ੍ਰਾਂਡ<br>ਇਨਸੁਲਿਨ: $0 ਜੈਨਰਿਕ/$0 ਤਰਜੀਹੀ ਬ੍ਰਾਂਡ/$0 ਗੈਰ-ਤਰਜੀਹੀ ਬ੍ਰਾਂਡ<br>ਇਨਹੇਲਰ ਅਤੇ EPI ਪੈੱਨ: $5 ਜੈਨਰਿਕ/$25 ਤਰਜੀਹੀ ਬ੍ਰਾਂਡ |
| ਡਾਕ ਆਰਡਰ ਤਜਵੀਜ਼ ਕੀਤੀਆਂ ਦਵਾਈਆਂ (90 ਦਿਨਾਂ ਦੀ ਸਪਲਾਈ ਤੱਕ) | $10 ਜੈਨਰਿਕ/$50 ਤਰਜੀਹੀ ਬ੍ਰਾਂਡ/$100 ਗੈਰ-ਤਰਜੀਹੀ ਬ੍ਰਾਂਡ |
| ਟੀਕਿਆਂ ਸਮੇਤ ਪ੍ਰਬੰਧਿਤ ਦਵਾਈਆਂ<br>(ਸਾਰੀਆਂ ਆਊਟਪੇਸ਼ੈਂਟ ਸੈਟਿੰਗਾਂ) | $0 |
| ਟੀਕੇ ਪ੍ਰਾਪਤ ਕਰਨ ਲਈ ਨਰਸ ਦੇ ਇਲਾਜ ਵਾਲੇ ਕਮਰੇ ਦੇ ਦੌਰੇ | $5 |
| **ਜਣੇਪਾ ਦੇਖਭਾਲ** | |
| ਨਿਰਧਾਰਿਤ ਜਨਮ ਤੋਂ ਪਹਿਲਾਂ ਦੀ ਦੇਖਭਾਲ ਅਤੇ ਜਨਮ ਤੋਂ ਬਾਅਦ ਦਾ ਪਹਿਲਾ ਦੌਰਾ | $0 |
| ਲੈਬਾਰਟਰੀ | $0 |
| ਐਕਸ-ਰੇ, ਇਮੇਜਿੰਗ ਅਤੇ ਵਿਸ਼ੇਸ਼ ਡਾਇਗਨੌਸਟਿਕ ਪ੍ਰਕਿਰਿਆਵਾਂ | $0 |
| ਇਨਪੇਸ਼ੈਂਟ ਹਸਪਤਾਲ ਸੇਵਾਵਾਂ | $100 ਪ੍ਰਤੀ ਦਾਖਲਾ |

| | |
|---|---|
| **ਬਾਂਝਪਨ ਸਬੰਧੀ** | |
| ਨਸਬੰਦੀ ਅਤੇ ਬਾਂਝਪਣ ਦੇ ਇਲਾਜ ਲਈ ਮੈਡੀਕਲ ਅਤੇ ਸਰਜੀਕਲ ਸੇਵਾਵਾਂ ਅਤੇ ਸਾਰੀਆਂ ਸਬੰਧਿਤ ਸੇਵਾਵਾਂ | ਇੱਕ ਵੱਖਰੇ ਬੈਨਿਫ਼ਿਟ ਰਾਹੀਂ ਕਵਰ ਕੀਤਾ ਜਾਂਦਾ ਹੈ: Progyny ਜਣਨ ਸ਼ਕਤੀ (ਫ਼ਰਟੀਲਿਟੀ) ਅਤੇ ਪਰਿਵਾਰ ਨਿਰਮਾਣ। ਜਣਨ ਸ਼ਕਤੀ (ਫ਼ਰਟੀਲਿਟੀ) ਅਤੇ ਪਰਿਵਾਰ ਨਿਰਮਾਣ ਦੇ ਸਫ਼ਰ ਦੌਰਾਨ ਮੈਂਬਰਾਂ ਦੀ ਮਦਦ ਲਈ 2+1 Smart Cycles (ਸਮਾਰਟ ਸਾਈਕਲਜ਼)। ਇੱਥੋਂ ਹੋਰ ਜਾਣੋ myseiu.be/progyny |
| **ਹਸਪਤਾਲ ਸੇਵਾਵਾਂ** | |
| ਐਂਬੂਲੈਂਸ ਸੇਵਾਵਾਂ (ਪ੍ਰਤੀ ਟਰਾਂਸਪੋਰਟ) | $75 |
| ਐਮਰਜੈਂਸੀ ਡਿਪਾਰਟਮੈਂਟ ਵਿਜ਼ਿਟ | $200 (ਜੇ ਦਾਖਲ ਕੀਤਾ ਜਾਂਦਾ ਹੈ ਤਾਂ ਛੋਟ ਦਿੱਤੀ ਜਾਂਦੀ ਹੈ) |
| ਇਨਪੇਸ਼ੈਂਟ ਹਸਪਤਾਲ ਸੇਵਾਵਾਂ | $100 ਪ੍ਰਤੀ ਦਾਖਲਾ |
| ਕੀਮੋਥੈਰੇਪੀ/ਰੇਡੀਏਸ਼ਨ ਥੈਰੇਪੀ ਦੌਰਾ | $15 |
| ਟਿਕਾਊ ਮੈਡੀਕਲ ਉਪਕਰਨ, ਬਾਹਰੀ ਪ੍ਰੋਸਥੈਟਿਕ ਡਿਵਾਈਸ ਅਤੇ ਆਰਥੋਟਿਕ ਡਿਵਾਈਸ | 0% ਸਹਿ-ਬੀਮਾ |
| ਸਰੀਰਕ, ਬੋਲਚਾਲ ਅਤੇ ਕਿੱਤਾਮੁਖੀ ਥੈਰੇਪੀਆਂ<br>(ਪ੍ਰਤੀ ਕੈਲੰਡਰ ਸਾਲ ਪ੍ਰਤੀ ਥੈਰੇਪੀ 20 ਮੁਲਾਕਾਤਾਂ ਤੱਕ) | $15 |
| **ਹੁਨਰਮੰਦ ਨਰਸਿੰਗ ਸੁਵਿਧਾ ਸੇਵਾਵਾਂ** | |
| ਇਨਪੇਸ਼ੈਂਟ ਹੁਨਰਮੰਦ ਨਰਸਿੰਗ ਸੇਵਾਵਾਂ (ਪ੍ਰਤੀ ਕੈਲੰਡਰ ਸਾਲ 100 ਦਿਨਾਂ ਤੱਕ) | $0 |
| **ਰਸਾਇਣਕ ਨਿਰਭਰਤਾ ਸੇਵਾਵਾਂ** | |
| ਆਊਟਪੇਸ਼ੈਂਟ ਸੇਵਾਵਾਂ | $0 |
| ਇਨਪੇਸ਼ੈਂਟ ਹਸਪਤਾਲ ਅਤੇ ਰਿਹਾਇਸ਼ੀ ਸੇਵਾਵਾਂ | $100 ਪ੍ਰਤੀ ਦਾਖਲਾ। |
| **ਮਾਨਸਿਕ ਸਿਹਤ ਸੇਵਾਵਾਂ** | |
| ਆਊਟਪੇਸ਼ੈਂਟ ਸੇਵਾਵਾਂ (ਗਰੁੱਪ ਦੌਰਾ ½ ਸਹਿ-ਭੁਗਤਾਨ) | $0 |
| ਇਨਪੇਸ਼ੈਂਟ ਹਸਪਤਾਲ ਅਤੇ ਰਿਹਾਇਸ਼ੀ ਸੇਵਾਵਾਂ | $100 ਪ੍ਰਤੀ ਦਾਖਲਾ |
| **ਵਿਕਲਪਕ ਦੇਖਭਾਲ** | |
| ਐਕਿਉਪੰਕਚਰ ਸੇਵਾਵਾਂ | $0 ਸਹਿ-ਭੁਗਤਾਨ, ਪ੍ਰਤੀ ਸਾਲ 20 ਸਵੈ-ਰੈਫਰਡ ਦੌਰਿਆਂ ਤੱਕ |
| ਕਾਇਰੋਪ੍ਰੈਕਟਿਕ ਸੇਵਾਵਾਂ | $0 ਸਹਿ-ਭੁਗਤਾਨ, ਪ੍ਰਤੀ ਸਾਲ 20 ਸਵੈ-ਰੈਫਰਡ ਦੌਰਿਆਂ ਤੱਕ |
| ਮਾਲਸ਼ ਥੈਰੇਪੀ | $25 ਸਹਿ-ਭੁਗਤਾਨ, ਪ੍ਰਤੀ ਸਾਲ 12 ਸਵੈ-ਰੈਫਰਡ ਦੌਰਿਆਂ ਤੱਕ |
| ਨੈਚੁਰੋਪੈਥਿਕ ਦਵਾਈ | $0 ਸਹਿ-ਭੁਗਤਾਨ, ਅਸੀਮਤ ਦੌਰੇ |
| **ਨਜ਼ਰ ਸਬੰਧੀ ਸੇਵਾਵਾਂ** | |
| ਨਿਯਮਤ ਅੱਖਾਂ ਦੀ ਜਾਂਚ (19 ਸਾਲ ਦੀ ਉਮਰ ਦੇ ਪਹਿਲੇ ਮਹੀਨੇ ਤੱਕ) | $0 |
| ਨਜ਼ਰ ਸਬੰਧੀ ਹਾਰਡਵੇਅਰ ਅਤੇ ਆਪਟੀਕਲ ਸੇਵਾਵਾਂ (19 ਸਾਲ ਦੀ ਉਮਰ ਦੇ ਪਹਿਲੇ ਮਹੀਨੇ ਤੱਕ) | ਹਰ 12 ਮਹੀਨਿਆਂ ਵਿੱਚ ਐਨਕਾਂ ਦੇ ਲੈਂਜ਼ਾਂ ਜਾਂ ਫਰੇਮਾਂ ਜਾਂ ਕੰਟੈਕਟ ਲੈਂਜ਼ਾਂ ਲਈ ਕੋਈ ਖ਼ਰਚਾ ਨਹੀਂ ਹੈ। |
| ਨਿਯਮਤ ਅੱਖਾਂ ਦੀ ਜਾਂਚ (19 ਅਤੇ ਇਸ ਤੋਂ ਵੱਧ ਉਮਰ ਵਾਲਿਆਂ ਲਈ) | $0 |
| ਨਜ਼ਰ ਸਬੰਧੀ ਹਾਰਡਵੇਅਰ ਅਤੇ ਆਪਟੀਕਲ ਸੇਵਾਵਾਂ (19 ਸਾਲ ਅਤੇ ਇਸਤੋਂਵੱਧ ਉਮਰ ਵਾਲਿਆਂ ਲਈ)* | ਐਨਕਾਂ ਜਾਂ ਕੰਟੈਕਟ ਲੈਂਜ਼ਾਂ ਲਈ $600 ਤੱਕ ਦਾ ਸ਼ੁਰੂਆਤੀ ਭੱਤਾ, ਇੱਕ ਸਾਲ ਦੀ ਮਿਆਦ ਵਿੱਚ ਇੱਕ ਵਾਰ ਤੋਂ ਵੱਧ ਨਹੀਂ। |
| **ਸੁਣਨ ਸ਼ਕਤੀ ਸਬੰਧੀ ਸੇਵਾਵਾਂ** | |
| ਸੁਣਨ ਸਬੰਧੀ ਹਾਰਡਵੇਅਰ | ਇੱਕ ਵੱਖਰੇ ਬੈਨਿਫ਼ਿਟ ਰਾਹੀਂ ਕਵਰ ਕੀਤਾ ਜਾਂਦਾ ਹੈ: EPIC Hearing. ਕੋਈ ਸਹਿ-ਭੁਗਤਾਨ ਨਹੀਂ, ਸੁਣਨ ਵਾਲੀ ਮਸ਼ੀਨ ਦੀ ਲਾਗਤ ਲਈ ਹਰ 3 ਸਾਲਾਂ ਵਿੱਚ ਪ੍ਰਤੀ ਕੰਨ $3,000 ਤੱਕ। ਇੱਥੋਂ ਹੋਰ ਜਾਣੋ myseiu.be/epic |

SEIU 775
BENEFITS GROUP

DELTA DENTAL®

## PPO Dental ਪਲਾਨ ਦੀ ਝਲਕ

**ਲਾਗੂ ਹੋਣ ਦੀ ਮਿਤੀ 8/1/2025**

ਇਹ ਸਿਰਫ਼ ਤੁਲਨਾ ਦੇ ਉਦੇਸ਼ ਲਈ ਉਪਲਬਧ ਲਾਭਾਂ ਦਾ ਸੰਖੇਪ ਵੇਰਵਾ ਹੈ ਅਤੇ ਕੋਈ ਇਕਰਾਰਨਾਮਾ ਨਹੀਂ ਹੈ। ਇੱਕ ਵਾਰ ਕਿਸੇ ਪਲਾਨ ਵਿੱਚ ਦਾਖਲ ਕੀਤੇ ਜਾਣ ਤੋਂ ਬਾਅਦ, ਤੁਹਾਡੇ ਕੋਲ ਆਪਣੀ ਲਾਭ ਪੁਸਤਿਕਾ ਤੱਕ ਪਹੁੰਚ ਹੋਵੇਗੀ ਜੋ ਕਿ ਤੁਹਾਡੇ Delta Dental PPO ਪਲਾਨ ਦੇ ਹੋਰ ਵੇਰਵੇ ਪ੍ਰਦਾਨ ਕਰਦੀ ਹੈ। ਜੇ ਤੁਹਾਡੇ ਕੋਈ ਸਵਾਲ ਹਨ ਤਾਂ Delta Dental ਗਾਹਕ ਸੇਵਾ ਵਿਭਾਗ ਨੂੰ **1-800-554-1907** 'ਤੇ ਕਾਲ ਕਰੋ ਜਾਂ **DeltaDentalWA.com** 'ਤੇ ਜਾਓ।

**ਬੈਨਿਫ਼ਿਟ ਮਿਆਦ:**
1/1/2025-12/31/2025

**ਬੈਨੀਫਿਟ ਮਿਆਦ ਅਧਿਕਤਮ***
**(ਪ੍ਰਤੀ ਵਿਅਕਤੀ; ਸ਼੍ਰੇਣੀ I 'ਤੇ ਲਾਗੂ ਨਹੀਂ ਹੁੰਦਾ):**
$5,000

**ਆੱਰਥੋਡੋਂਸ਼ੀਆ – ਬਾਲਗ ਅਤੇ ਬੱਚੇ:**
50% ਜੀਵਨ ਭਰ ਅਧਿਕਤਮ
$5,000 ਪ੍ਰਤੀ ਵਿਅਕਤੀ

*ਕਿਸੇ PDA ਡੈਂਟਿਸਟ ਕੋਲੋਂ ਪ੍ਰਾਪਤ ਕੀਤੀ ਦੰਦਾਂ ਦੀ ਦੇਖਭਾਲ ਨੂੰ ਪੂਰੀ ਤਰ੍ਹਾਂ $2,000 ਅਧਿਕਤਮ ਤੱਕ ਕਵਰ ਕੀਤਾ ਜਾਵੇਗਾ, ਜਿੱਥੇ ਸ਼੍ਰੇਣੀ III – ਪ੍ਰਮੁੱਖ ਸੇਵਾਵਾਂ ਦੇ ਨਾਲ ਸਹਿ-ਬੀਮੇ ਤੋਂ ਛੋਟ ਦਿੱਤੀ ਜਾਵੇਗੀ।

### Delta Dental ਨੈੱਟਵਰਕ

Delta Dental PPO ਨੈੱਟਵਰਕ ਦੇ ਨਾਲਤੁਹਾਨੂੰ ਸਭ ਤੋਂ ਜ਼ਿਆਦਾ ਲਾਭ ਮਿਲਦੇ ਹਨ। ਤੁਹਾਨੂੰ Delta Dental Premier® ਨੈੱਟਵਰਕ ਤੱਕ ਪਹੁੰਚ ਵੀ ਮਿਲਦੀ ਹੈ ਜਿਸ ਨਾਲ ਤੁਹਾਨੂੰ ਆਪਣੀਆਂ ਚੋਣਾਂ ਨੂੰ ਵਧਾਉਣ ਵਿੱਚ ਮਦਦ ਮਿਲਦੀ ਹੈ।

### ਮੁਫ਼ਤ Sonicare ਟੁੱਥਬ੍ਰੱਸ਼ ਪ੍ਰਾਪਤ ਕਰੋ



Delta Dental ਮੈਂਬਰ ਜੋ ਇੱਕ ਨਵੇਂ ਮਰੀਜ਼ ਵਜੋਂ ਪੈਸੀਫਿਕ ਡੈਂਟਲ ਅਲਾਇੰਸ (Pacific Dental Alliance, PDA) ਪ੍ਰਦਾਤਾ ਕੋਲ ਜਾਂਦੇ ਹਨ, ਉਹ ਇੱਕ ਮੁਫ਼ਤ Sonicare ਟੁੱਥਬ੍ਰੱਸ਼ ਪ੍ਰਾਪਤ ਕਰ ਸਕਦੇ ਹਨ।

ਪੂਰੀ PDA ਪ੍ਰਦਾਤਾ ਸੂਚੀ ਇੱਥੇ ਦੇਖੋ: **myseiu.be/oe-pda**.

| | Delta Dental PPO | Delta Dental Premier | ਆਊਟ-ਆਫ਼-ਨੈੱਟਵਰਕ |
|---|---|---|---|
| **ਬੈਨਿਫ਼ਿਟ ਮਿਆਦ ਕਟੌਤੀਯੋਗ** | | | |
| ਸ਼੍ਰੇਣੀ I ਅਤੇ ਆੱਰਥੋਡੋਂਸ਼ੀਆ 'ਤੇ ਲਾਗੂ ਨਹੀਂ ਹੁੰਦਾ ਹੈ ਆਊਟ-ਆਫ਼-ਨੈੱਟਵਰਕ ($50 ਪ੍ਰਤੀ ਵਿਅਕਤੀ) | $0 | $50 | $50 |
| **ਸ਼੍ਰੇਣੀ 1 - ਡਾਇਗਨੌਸਟਿਕ ਅਤੇ ਰੋਕਥਾਮ ਯੋਗ** | | | |
| ਮੁਆਇਨੇ<br>ਸਾਫ਼-ਸਫ਼ਾਈ<br>ਫਲੋਰਾਈਡ<br>ਐਕਸ-ਰੇ<br>ਸੀਲੰਟ | 100% | 80% | 80% |
| **ਸ਼੍ਰੇਣੀ II - ਰੀਸਟੋਰੇਟਿਵ** | | | |
| ਰੀਸਟੋਰੇਸ਼ਨਾਂ (ਬਹਾਲੀਆਂ)<br>ਪੋਸਟੈਰੀਅਰ ਕੰਪੋਜ਼ਿਟ ਫਿਲਿੰਗਜ਼<br>ਐਂਡੋਡੌਂਟਿਕਸ (ਰੂਟ ਕਨਾਲ)<br>ਪੀਰੀਅਡੌਂਟਿਕਸ<br>ਓਰਲ ਸਰਜਰੀ | 100% | 60% | 60% |
| **ਸ਼੍ਰੇਣੀ III - ਮੇਜਰ** | | | |
| ਨਕਲੀ ਦੰਦਾਂ ਦਾ ਸੈੱਟ<br>ਅੰਸ਼ਕ ਨਕਲੀ ਦੰਦ<br>ਇਮਪਲਾਂਟ<br>ਬਰਿੱਜ<br>ਕ੍ਰਾਊਨ | 80% | 40% | 40% |

| **ਵਿਸ਼ੇਸ਼ਤਾਵਾਂ** | | | |
|---|---|---|---|
| ਘੱਟ ਤੋਂ ਘੱਟ ਆਊਟ-ਆਫ਼-ਪਾਕੇਟ ਖਰਚੇ | ○ | | |
| ਤੁਹਾਡੇ ਲਈ ਕਲੇਮ ਫ਼ਾਰਮਾਂ ਨੂੰ ਫ਼ਾਈਲ ਕਰਦਾ ਹੈ | ○ | ○ | |
| ਕੁਆਲਿਟੀ ਪ੍ਰਬੰਧਨ ਅਤੇਖਰਚੇ ਦੀ ਸੁਰੱਖਿਆ | ○ | ○ | |

**ਡੈਂਟਲ ਐਮਰਜੈਂਸੀ:** ਭਾਗ ਲੈਣ ਵਾਲੇ ਪ੍ਰਦਾਤਾ ਦਫਤਰ ਦੇ ਸਮੇਂ ਦੌਰਾਨ ਡੈਂਟਲ ਐਮਰਜੈਂਸੀ ਲਈ ਇਲਾਜ ਪ੍ਰਦਾਨ ਕਰਾਉਣਗੇ। ਕੰਪਨੀ ਕਿਸੇ ਡੈਂਟਲ ਐਮਰਜੈਂਸੀ ਦੇ ਇਲਾਜ ਲਈ ਭਾਗ ਲੈਣ ਵਾਲੇ ਪ੍ਰਦਾਤਾ ਵੱਲੋਂ ਪ੍ਰਦਾਨ ਕੀਤੀਆਂ ਜਾਂਦੀਆਂ ਕਵਰ ਕੀਤੀਆਂ ਗਈਆਂ ਸੇਵਾਵਾਂ ਲਈ ਲਾਭ ਪ੍ਰਦਾਨ ਕਰੇਗੀ। ਜੇ ਦਾਖਲਾ ਲੈਣ ਵਾਲਾ ਕਿਸੇ ਵੀ ਭਾਗੀਦਾਰ ਪ੍ਰਦਾਤਾ ਦਫਤਰ ਤੋਂ 50 ਮੀਲ ਤੋਂ ਵਧੇਰੇ ਦੂਰ ਹੈ ਤਾਂ ਦਾਖਲਾ ਲੈਣ ਵਾਲਾ ਕਿਸੇ ਡੈਂਟਲ ਐਮਰਜੈਂਸੀ ਲਈ ਇਲਾਜ ਨੂੰ ਕਿਸੇ ਗੈਰ-ਭਾਗੀਦਾਰੀ ਪ੍ਰਦਾਤਾ ਕੋਲੋਂ ਦੇਖ ਸਕਦਾ ਹੈ।

SEIU 775 BENEFITS GROUP

Willamette Dental

**ਡੈਂਟਲ ਪਲਾਨ ਦੀ ਝਲਕ**
**ਲਾਗੂ ਹੋਣ ਦੀ ਮਿਤੀ 8/1/2025**

Washington, Inc. ਦੇ Willamette Dental ਦੇ ਦਸਤਖਤਾਂ ਹੇਠ ਜਾਰੀ, ਇਹ ਪਲਾਨ ਵਿਆਪਕ ਕਵਰੇਜ ਮੁਹੱਈਆ ਕਰਦਾ ਹੈ। ਹੇਠਾਂ ਦਿੱਤੀ ਸੂਚੀ ਤੁਹਾਡੇ ਪਲਾਨ ਵਿੱਚ ਕਵਰ ਕੀਤੀਆਂ ਜਾਂਦੀਆਂ ਸਭ ਤੋਂ ਵੱਧ ਆਮ ਪ੍ਰਕਿਰਿਆਵਾਂ ਵਿੱਚੋਂ ਕੁਝ ਕੁ ਲਈ ਜਾਣਕਾਰੀ ਦਿੰਦੀ ਹੈ। ਵਧੇਰੇ ਜਾਣਕਾਰੀ ਲਈ **1-855-433-6825** 'ਤੇ ਕਾਲ ਕਰੋ ਜਾਂ **myseiu.be/oe-willamette** 'ਤੇ ਜਾਓ। ਸੀਮਾਵਾਂ ਅਤੇ ਬੰਦਸ਼ਾਂ ਦੀ ਸੂਚੀ ਲਈ, ਇੱਥੇ ਜਾਓ **myseiu.be/willamette-exclusions**.

| ਬੈਨਿਫ਼ਿਟਸ | ਸਹਿ-ਭੁਗਤਾਨ |
|---|---|
| ਸਲਾਨਾ ਅਧਿਕਤਮ | ਕੋਈ ਸਲਾਨਾ ਅਧਿਕਤਮ ਨਹੀਂ* |
| ਕਟੌਤੀਯੋਗ | ਕੋਈ ਕਟੌਤੀਯੋਗ ਨਹੀਂ |
| ਜਨਰਲ ਅਤੇ ਆਰਥੋਡੌਂਟਿਕ ਦਫ਼ਤਰ ਦੌਰਾ | ਪ੍ਰਤੀ ਦੌਰਾ ਕੋਈ ਸਹਿ-ਭੁਗਤਾਨ ਨਹੀਂ |
| **ਡਾਇਗਨੌਸਟਿਕ ਅਤੇ ਰੋਕਥਾਮ ਯੋਗ ਸੇਵਾਵਾਂ** | |
| ਨਿਯਮਿਤ ਅਤੇ ਐਮਰਜੈਂਸੀ ਜਾਂਚਾਂ, ਐਕਸ-ਰੇ, ਦੰਦਾਂ ਦੀ ਸਾਫ਼-ਸਫ਼ਾਈ, ਫਲੋਰਾਈਡ ਇਲਾਜ, ਸੀਲੰਟਸ (ਪ੍ਰਤੀ ਦੰਦ), ਸਿਰ ਅਤੇ ਗਰਦਨ ਦੀ ਕੈਂਸਰ ਸਕ੍ਰੀਨਿੰਗ, ਓਰਲ ਸਫ਼ਾਈ ਨਿਰਦੇਸ਼, ਪੇਰੀਓਡੌਂਟਲ ਚਾਰਟਿੰਗ, ਪੇਰੀਓਡੌਂਟਲ ਮੁਲਾਂਕਣ | ਦਫ਼ਤਰ ਦੌਰਾ ਸਹਿ-ਭੁਗਤਾਨ ਨਾਲ ਕਵਰ ਕੀਤਾ ਗਿਆ |
| **ਰੀਸਟੋਰੇਟਿਵ ਡੈਂਟਿਸਟ੍ਰੀ** | |
| ਫਿਲਿੰਗਜ਼ (ਅਮਲਗਮ) | ਦਫ਼ਤਰ ਦੌਰਾ ਸਹਿ-ਭੁਗਤਾਨ ਨਾਲ ਕਵਰ ਕੀਤਾ ਗਿਆ |
| ਪੋਰਸਿਲੇਨ-ਮੈਟਲ ਕ੍ਰਾਊਨ | ਤੁਸੀਂ $250 ਸਹਿ-ਭੁਗਤਾਨ ਦਾ ਭੁਗਤਾਨ ਕਰਦੇ ਹੋ |
| **ਪ੍ਰੋਸਥੋਡੌਂਟਿਕਸ(Prosthondotics)** | |
| ਮੁਕੰਮਲ ਉੱਪਰਲਾ ਜਾਂ ਹੇਠਲਾ ਡੈਂਚਰ (ਜਬੜਾ) | ਤੁਸੀਂ $400 ਸਹਿ-ਭੁਗਤਾਨ ਦਾ ਭੁਗਤਾਨ ਕਰਦੇ ਹੋ |
| ਬਰਿੱਜ (ਪ੍ਰਤੀ ਦੰਦ) | ਤੁਸੀਂ $250 ਸਹਿ-ਭੁਗਤਾਨ ਦਾ ਭੁਗਤਾਨ ਕਰਦੇ ਹੋ |
| **ਐਂਡੋਦੋਨਟਿਕਸ ਅਤੇ ਪੇਰੀਓਡੌਂਟਿਕਸ** | |
| ਰੂਟ ਕਨਾਲ ਥੈਰੇਪੀ – ਐਨਟੀਰੀਅਰ | ਤੁਸੀਂ $85 ਸਹਿ-ਭੁਗਤਾਨ ਦਾ ਭੁਗਤਾਨ ਕਰਦੇ ਹੋ |
| ਰੂਟ ਕਨਾਲ ਥੈਰੇਪੀ - ਬਾਈਕਸਪਿਡ | ਤੁਸੀਂ $105 ਸਹਿ-ਭੁਗਤਾਨ ਦਾ ਭੁਗਤਾਨ ਕਰਦੇ ਹੋ |
| ਰੂਟ ਕਨਾਲ ਥੈਰੇਪੀ – ਮੋਲਰ | ਤੁਸੀਂ $130 ਸਹਿ-ਭੁਗਤਾਨ ਦਾ ਭੁਗਤਾਨ ਕਰਦੇ ਹੋ |
| ਓਸੀਅਸ ਸਰਜਰੀ (ਪ੍ਰਤੀ ਕੁਆਡਰੈਂਟ) | ਤੁਸੀਂ $150 ਸਹਿ-ਭੁਗਤਾਨ ਦਾ ਭੁਗਤਾਨ ਕਰਦੇ ਹੋ |
| ਰੂਟ ਪਲਾਨਿੰਗ (ਪ੍ਰਤੀ ਕੁਆਡਰੈਂਟ) | ਤੁਸੀਂ $75 ਸਹਿ-ਭੁਗਤਾਨ ਦਾ ਭੁਗਤਾਨ ਕਰਦੇ ਹੋ |
| **ਓਰਲ ਸਰਜਰੀ** | |
| ਨਿਯਮਤ ਐਕਸਟ੍ਰੈਕਸ਼ਨ (ਇੱਕ ਦੰਦ) | ਦਫ਼ਤਰ ਦੌਰਾ ਸਹਿ-ਭੁਗਤਾਨ ਨਾਲ ਕਵਰ ਕੀਤਾ ਗਿਆ |
| ਸਰਜੀਕਲ ਐਕਸਟ੍ਰੈਕਸ਼ਨ | ਤੁਸੀਂ $100 ਸਹਿ-ਭੁਗਤਾਨ ਦਾ ਭੁਗਤਾਨ ਕਰਦੇ ਹੋ |
| **ਆਰਥੋਡੌਂਟੀਆ ਇਲਾਜ** | |
| ਪੂਰਵ-ਆਰਥੋਡੌਂਟੀਆ ਇਲਾਜ | ਤੁਸੀਂ $150 ਸਹਿ-ਭੁਗਤਾਨ ਦਾ ਭੁਗਤਾਨ ਕਰਦੇ ਹੋ** |
| ਵਿਆਪਕ ਆਰਥੋਡੌਂਟਿਕ ਇਲਾਜ | ਤੁਸੀਂ $1,500 ਸਹਿ-ਭੁਗਤਾਨ ਦਾ ਭੁਗਤਾਨ ਕਰਦੇ ਹੋ |
| **ਡੈਂਟਲ ਇਮਪਲਾਂਟ** | |
| ਡੈਂਟਲ ਇਮਪਲਾਂਟ ਸਰਜਰੀ | ਇਮਪਲਾਂਟ ਲਾਭ ਅਧਿਕਤਮ $1,500 ਪ੍ਰਤੀ ਕੈਲੰਡਰ ਸਾਲ |
| **ਫੁਟਕਲ** | |
| ਸਥਾਨਕ ਅਨੱਸਥੀਸੀਆ | ਦਫ਼ਤਰ ਦੌਰਾ ਸਹਿ-ਭੁਗਤਾਨ ਨਾਲ ਕਵਰ ਕੀਤਾ ਗਿਆ |
| ਡੈਂਟਲ ਲੈਬ ਫ਼ੀਸਾਂ | ਦਫ਼ਤਰ ਦੌਰਾ ਸਹਿ-ਭੁਗਤਾਨ ਨਾਲ ਕਵਰ ਕੀਤਾ ਗਿਆ |
| ਨਾਈਟਰਸ ਆਕਸਾਈਡ | ਤੁਸੀਂ $40 ਸਹਿ-ਭੁਗਤਾਨ ਦਾ ਭੁਗਤਾਨ ਕਰਦੇ ਹੋ |
| ਮਾਹਰ ਦੇ ਦਫ਼ਤਰ ਦਾ ਦੌਰਾ | ਤੁਸੀਂ ਪ੍ਰਤੀ ਦੌਰਾ $30 ਸਹਿ-ਭੁਗਤਾਨ ਦਾ ਭੁਗਤਾਨ ਕਰਦੇ ਹੋ |
| ਖੇਤਰ ਤੋਂ ਬਾਹਰ ਐਮਰਜੈਂਸੀ ਕੇਅਰ ਦੀ ਅਦਾਇਗੀ | ਤੁਸੀਂ $250 ਤੋਂ ਵੱਧ ਦੇ ਖ਼ਰਚਿਆਂ ਦਾ ਭੁਗਤਾਨ ਕਰਦੇ ਹੋ |

